ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 27 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੧੨ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਜੇਜੇਪੀ ਆਗੂ ਅਜੇ ਚੌਟਾਲਾ ਦੀ ਕਾਰ ਹੋਈ ਹਾਦਸੇ ਦੀ ਸ਼ਿਕਾਰ, ਟੁੱਟਿਆ ਗੱਡੀ ਦਾ ਸ਼ੀਸ਼ਾ

**ਜੀਂਦ, 26 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਦੇ ਜੀਂਦ 'ਚ ਜਨਨਾਇਕ ਜਨਤਾ ਪਾਰਟੀ ਦੇ ਪ੍ਰਧਾਨ ਅਜੇ ਚੌਟਾਲਾ ਦੀ ਕਾਰ ਅੱਜ ਯਾਨੀ ਕਿ ਸ਼ੁੱਕਰਵਾਰ ਨੂੰ ਹਾਦਸੇ ਦੀ ਸ਼ਿਕਾਰ ਹੋ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਕਾਰ ਅੱਗੇ ਨੀਲ ਗਾਂ ਆ ਗਈ, ਜਿਸ ਕਾਰਨ ਕਾਰ ਹਾਦਸੇ ਦੀ ਸ਼ਿਕਾਰ ਹੋ ਗਈ। ਹਾਲਾਂਕਿ ਚੌਟਾਲਾ ਵਾਲ-ਵਾਲ ਬਚ ਗਏ। ਅਜੇ ਚੌਟਾਲਾ ਨਾਲ ਉਨ੍ਹਾਂ ਦੀ ਪਤਨੀ ਨੈਨਾ ਚੌਟਾਲਾ ਵੀ ਮੌਜੂਦ ਸਨ। ਮਿਲੀ ਜਾਣਕਾਰੀ ਮੁਤਾਬਕ ਚੌਟਾਲਾ ਪਤਨੀ ਨਾਲ ਚੰਡੀਗੜ੍ਹ ਜਾ ਰਹੇ ਸਨ ਕਿ ਨਰਵਾਨਾ ਤੋਂ ਪਹਿਲਾਂ ਢਾਕਲ ਪਿੰਡ ਨੇੜੇ ਅਚਾਨਕ ਨੀਲ ਗਾਂ ਉਨ੍ਹਾਂ ਦੀ ਗੱਡੀ ਨਾਲ ਆ ਕੇ ਟਕਰਾ ਗਈ। ਗੱਡੀ ਦਾ ਅਗਲੇ ਵਾਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਡਰਾਈਵਰ ਕਿਸੇ ਤਰ੍ਹਾਂ ਗੱਡੀ ਨੂੰ ਕੰਟਰੋਲ ਕਰਨ ਵਿਚ ਸਫ਼ਲ ਰਿਹਾ ਅਤੇ ਵੱਡਾ ਹਾਦਸਾ ਟਲ ਗਿਆ। ਗੱਡੀ ਦਾ ਅੱਗੇ ਦਾ ਸ਼ੀਸ਼ਾ ਟੁੱਟ ਗਿਆ। ਅਜੇ ਚੌਟਾਲਾ ਅਤੇ ਉਨ੍ਹਾਂ ਦੀ ਪਤਨੀ ਨੈਨਾ ਪੂਰੀ ਤਰ੍ਹਾਂ ਸੁਰੱਖਿਅਤ ਹਨ। ਹਾਦਸੇ ਦੀ ਸੂਚਨਾ ਮਿਲਦੇ ਹੀ ਸਦਰ ਥਾਣਾ ਖੇਤਰ ਦੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਤੁਰੰਤ ਮਦਦ ਪ੍ਰਦਾਨ ਕੀਤੀ।



## ਠੱਪ ਹੋਈ ਰੇਲਵੇ, 8 ਲੱਖ ਲੋਕ ਪ੍ਰਭਾਵਿਤ

# ਓਲੰਪਿਕ ਤੋਂ ਠੀਕ ਪਹਿਲਾਂ ਫਰਾਂਸ 'ਚ ਵੱਡਾ ਹਮਲਾ

**ਪੈਰਿਸ, 26 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਫਰਾਂਸ ਦੀਆਂ ਹਾਈ ਸਪੀਡ ਰੇਲ ਲਾਈਨਾਂ ਨੂੰ ਸ਼ੁੱਕਰਵਾਰ ਨੂੰ ਨਿਸ਼ਾਨਾ ਬਣਾਇਆ ਗਿਆ। ਸਟੇਸ਼ਨਾਂ 'ਤੇ ਅੱਗਜ਼ਨੀ ਅਤੇ ਭੰਨਤੋੜ ਵਰਗੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਗਿਆ। ਇਸ ਕਾਰਨ ਕਈ ਸਟੇਸ਼ਨਾਂ 'ਤੇ ਟਰੇਨਾਂ ਨੂੰ ਰੋਕਣਾ ਪਿਆ ਅਤੇ ਰੇਲਵੇ ਨੈੱਟਵਰਕ ਠੱਪ ਹੋ ਗਿਆ। ਇਸ ਨੂੰ ਪੈਰਿਸ ਓਲੰਪਿਕ ਦੇ ਉਦਘਾਟਨੀ ਸਮਾਰੋਹ ਤੋਂ ਪਹਿਲਾਂ ਯਾਤਰਾ ਵਿਚ ਵਿਘਨ ਪਾਉਣ ਦੀ ਕੋਸ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ। ਫਰਾਂਸ ਦੀ ਸਰਕਾਰੀ ਰੇਲਵੇ ਕੰਪਨੀ SNCF ਨੇ ਕਿਹਾ ਹੈ ਕਿ ਇਹ ਹਾਈ-ਸਪੀਡ ਲਾਈਨ ਨੈੱਟਵਰਕ ਨੂੰ ਬਾਧਿਤ ਕਰਨ ਦੇ ਉਦੇਸ਼ ਨਾਲ ਇੱਕ ਵੱਡਾ ਹਮਲਾ ਹੈ। ਅੱਗਜ਼ਨੀ ਕਰਨ ਵਾਲਿਆਂ ਨੇ ਪੈਰਿਸ ਨੂੰ ਉੱਤਰ ਵਿਚ ਲਿਲੀ, ਪੱਛਮ ਵਿਚ ਬਾਰਡੋ ਅਤੇ ਪੂਰਬ ਵਿਚ ਸਟ੍ਰਾਸਬਰਗ ਵਰਗੇ ਸ਼ਹਿਰਾਂ ਨਾਲ ਜੋੜਨ ਵਾਲੀਆਂ ਲਾਈਨਾਂ 'ਤੇ ਸਥਾਪਨਾਵਾਂ ਨੂੰ ਨਿਸ਼ਾਨਾ ਬਣਾਇਆ। ਇਸ ਨਾਲ ਕਈ ਰੇਲਵੇ ਲਾਈਨਾਂ ਪ੍ਰਭਾਵਿਤ ਹੋਈਆਂ ਹਨ। SNCF ਨੇ ਕਿਹਾ, "ਬਹੁਤ ਸਾਰੀਆਂ ਟਰੇਨਾਂ ਨੂੰ ਡਾਇਵਰਟ ਕਰ ਦਿੱਤਾ ਗਿਆ ਜਾਂ ਰੱਦ ਕਰਨਾ ਪਿਆ।" ਜਿਹੜੇ ਯਾਤਰੀ ਆਪਣੀ ਯਾਤਰਾ ਮੁਲਤਵੀ ਕਰਨਾ ਚਾਹੁੰਦੇ ਹਨ, ਉਨ੍ਹਾਂ ਨੂੰ ਸਟੇਸ਼ਨ 'ਤੇ ਨਾ ਆਉਣ ਲਈ ਕਿਹਾ ਗਿਆ ਸੀ। ਰੇਲਵੇ ਆਪਰੇਟਰ ਨੇ ਕਿਹਾ ਕਿ ਅਟਲਾਂਟਿਕ, ਉੱਤਰੀ ਅਤੇ ਪੂਰਬੀ ਹਾਈ-ਸਪੀਡ ਲਾਈਨਾਂ ਪ੍ਰਭਾਵਿਤ ਹੋਈਆਂ, ਜਿਸ ਨਾਲ ਇਸ ਦੀਆਂ ਕਈ ਸਹੂਲਤਾਂ ਨੂੰ ਨੁਕਸਾਨ ਪਹੁੰਚਿਆ। SNCF ਨੇ ਕਿਹਾ ਕਿ ਕਈ ਲਾਈਨਾਂ ਪ੍ਰਭਾਵਿਤ ਹੋਈਆਂ ਅਤੇ 800,000 ਤੱਕ ਯਾਤਰੀ ਪ੍ਰਭਾਵਿਤ ਹੋ ਸਕਦੇ ਹਨ। ਇਸ ਹਫਤੇ ਦੇ ਅੰਤ ਤੱਕ ਆਵਾਜਾਈ ਬੁਰੀ ਤਰ੍ਹਾਂ ਠੱਪ ਰਹੇਗੀ। ਰੇਮੀ ਟ੍ਰੇਨ ਸੈਂਟਰ ਵੈਲ ਡੀ ਲੋਇਰ ਨੇ ਕਿਹਾ ਕਿ ਉੱਤਰੀ ਫਰਾਂਸ ਦੇ ਕੋਰਲੇਨ ਵਿੱਚ ਪਟੜੀਆਂ ਨੇੜੇ ਅੱਗ ਲੱਗਣ ਤੋਂ ਬਾਅਦ ਇਸ ਦੀਆਂ ਰੇਲਵੇ ਲਾਈਨਾਂ 'ਤੇ ਯਾਤਰਾ ਘੱਟੋ ਘੱਟ ਸੋਮਵਾਰ ਤੱਕ ਵਿਘਨ ਪਵੇਗਾ, ਪੈਰਿਸ ਦੀਆਂ ਸੇਵਾਵਾਂ ਨੂੰ ਪ੍ਰਭਾਵਿਤ ਕੀਤਾ ਗਿਆ। ਯੂਨਾਈਟਿਡ ਕਿੰਗਡਮ ਅਤੇ ਫਰਾਂਸ ਨੂੰ ਜੋੜਨ ਵਾਲੀਆਂ ਹਾਈ-ਸਪੀਡ ਰੇਲ ਸੇਵਾਵਾਂ ਨੂੰ ਵੀ ਰੱਦ ਕਰਨਾ ਪਿਆ ਅਤੇ ਮੋੜਨਾ ਪਿਆ। ਇਸ ਨੇ ਕਥਿਤ ਤੌਰ 'ਤੇ ਪੈਰਿਸ ਅਤੇ ਲਿਲੀ ਵਿਚਕਾਰ ਯਾਤਰਾਵਾਂ ਨੂੰ ਪ੍ਰਭਾਵਿਤ ਕੀਤਾ ਹੈ, ਜਿਸ ਨਾਲ ਰੇਲ ਨੈੱਟਵਰਕ ਨੂੰ ਮੁੜ ਰੂਟ ਕਰਨ ਅਤੇ ਯਾਤਰਾ ਦੇ ਸਮੇਂ ਨੂੰ ਵਧਾਉਣ ਲਈ ਮਜਬੂਰ ਕੀਤਾ ਗਿਆ ਹੈ।



## ਅੰਮ੍ਰਿਤਪਾਲ ਸਿੰਘ ਸਾਥੀਆਂ ਤੋਂ ਹਟੇਗਾ ਐਨ.ਐਸ.ਏ.? ਹਾਈਕੋਰਟ 'ਚ ਸੁਣਵਾਈ

**ਨਵੀਂ ਦਿੱਲੀ, 26 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਸਾਥੀਆਂ ਉਪਰ ਲੱਗੇ ਨੈਸ਼ਨਲ ਸਕਿਓਰਿਟੀ ਐਕਟ (ਐਨਐਸਏ) ਨੂੰ ਹਟਾਉਣ ਦਾ ਮਾਮਲਾ ਗਰਮਾ ਗਿਆ ਹੈ। ਇਸੇ ਦੌਰਾਨ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਵੱਲੋਂ ਐਨਐਸਏ ਲਾਉਣ ਦੇ ਮਾਮਲੇ ਨੂੰ ਹਾਈਕੋਰਟ 'ਚ ਚੁਣੌਤੀ ਦਿੱਤੀ ਗਈ ਹੈ। ਇਸ ਮਾਮਲੇ ਦੀ ਸੁਣਵਾਈ ਅੱਜ ਅਦਾਲਤ ਵਿੱਚ ਹੋਵੇਗੀ। ਉਨ੍ਹਾਂ ਨੇ ਆਪਣੇ 'ਤੇ ਲਗਾਏ ਗਏ ਇਸ ਐਕਟ ਨੂੰ ਗਲਤ ਕਰਾਰ ਦਿੱਤਾ ਹੈ। ਇਸ ਮੌਕੇ ਸਾਰੀਆਂ ਧਿਰਾਂ ਵੱਲੋਂ ਦਲੀਲਾਂ ਪੇਸ਼ ਕੀਤੀਆਂ ਜਾਣਗੀਆਂ। ਹਾਲਾਂਕਿ ਪਿਛਲੀ ਸੁਣਵਾਈ 'ਤੇ NSA ਵਧਾਉਣ ਦੀ ਜਾਣਕਾਰੀ ਦਿੱਤੀ ਗਈ ਸੀ। ਦੱਸ ਦਈਏ ਕਿ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਗੁਰੀ ਔਜਲਾ, ਗੁਰਮੀਤ ਸਿੰਘ ਬੁੱਕਣਵਾਲਾ, ਕੁਲਵੰਤ ਸਿੰਘ ਤੇ ਬਸੰਤ ਸਿੰਘ ਨੇ ਐਨਐਸਏ ਤਹਿਤ ਉਨ੍ਹਾਂ ਖ਼ਿਲਾਫ਼ ਕੀਤੀ ਗਈ ਕਾਰਵਾਈ ਨੂੰ ਚੁਣੌਤੀ ਦਿੱਤੀ ਹੈ। ਆਪਣੀ ਪਟੀਸ਼ਨ 'ਚ ਉਨ੍ਹਾਂ ਨੇ ਆਪਣੇ 'ਤੇ ਲਾਏ ਗਏ NSA ਨੂੰ ਗਲਤ ਤੇ ਗੈਰ-ਕਾਨੂੰਨੀ ਕਰਾਰ ਦਿੱਤਾ ਹੈ। ਇਸ ਮਾਮਲੇ ਦੀ ਸੁਣਵਾਈ ਕਰਦਿਆਂ ਅਦਾਲਤ ਨੇ ਕੇਂਦਰ, ਪੰਜਾਬ ਸਰਕਾਰ ਤੇ ਡਿਬਰੂਗੜ੍ਹ ਜੇਲ੍ਹ ਸੁਪਰਡੈਂਟ ਨੂੰ ਨੋਟਿਸ ਜਾਰੀ ਕੀਤਾ ਸੀ। ਹਾਈ ਕੋਰਟ ਨੇ ਇਸ ਤੋਂ ਪਹਿਲਾਂ ਡਿਬਰੂਗੜ੍ਹ ਜੇਲ੍ਹ ਦੇ ਸੁਪਰਡੈਂਟ ਤੋਂ ਵੀ ਇਸ ਐਕਟ ਬਾਰੇ ਕੁਝ ਜਾਣਕਾਰੀ ਮੰਗੀ ਸੀ। ਉਨ੍ਹਾਂ ਵੱਲੋਂ ਜੇਲ੍ਹ ਨਾਲ ਜੁੜੀ ਜਾਣਕਾਰੀ ਮੁਹੱਈਆ ਕਰਵਾਈ ਗਈ ਸੀ। ਇਸ ਦੇ ਨਾਲ ਹੀ ਅੰਮ੍ਰਿਤਪਾਲ ਸਿੰਘ ਦੇ ਸੰਸਦ ਮੈਂਬਰ ਦੇ ਅਹੁਦੇ ਨੂੰ ਵੀ ਚੁਣੌਤੀ ਦਿੱਤੀ ਗਈ ਹੈ। ਇਸ ਸਬੰਧੀ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਰਹੇ ਵਿਕਰਮਜੀਤ ਸਿੰਘ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਹੈ। ਪਟੀਸ਼ਨ 'ਚ 5 ਗੱਲਾਂ ਦਾ ਜ਼ਿਕਰ ਕੀਤਾ ਗਿਆ ਹੈ।



## ਪਿਤਾ ਦੇ ਅੰਤਿਮ ਸਸਕਾਰ 'ਚ ਪਹੁੰਚਿਆ ਜਗਦੀਸ਼ ਭੋਲਾ, ਕਿਹਾ- ਸਾਰੀਆਂ ਸਿਆਸੀ ਪਾਰਟੀਆਂ ਨੇ ਮੈਨੂੰ ਫਸਾਇਆ, ਜੇ ਮੈਂ ਗਲਤ ਤਾਂ ਫਾਹੇ ਲਾ ਦਿਓ




**ਬਠਿੰਡਾ, 26 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਡੀਐਸਪੀ ਤੇ ਨਸ਼ਾ ਤਸਕਰ ਜਗਦੀਸ਼ ਭੋਲਾ ਦੇ ਪਿਤਾ ਦੀ ਬੀਤੇ ਦਿਨੀਂ ਮੌਤ ਹੋ ਗਈ ਸੀ ਜਿਸ ਤੋਂ ਬਾਅਦ ਅੰਤਿਮ ਸਸਕਾਰ ਵਿੱਚ ਸ਼ਾਮਲ ਹੋਣ ਲਈ ਭੋਲਾ ਨੂੰ ਪੈਰੋਲ ਦਿੱਤੀ ਗਈ ਸੀ। ਇਸ ਤੋਂ ਬਾਅਦ ਉਹ ਬਠਿੰਡਾ ਦੇ ਪਿੰਡ ਰਾਏਕੇ ਕਲਾਂ ਵਿੱਚ ਆਪਣੇ ਪਿਤਾ ਦੇ ਅੰਤਿਮ ਸਸਕਾਰ ਵਿੱਚ ਸ਼ਾਮਲ ਹੋਣ ਲਈ ਆਏ ਹਨ। ਇਸ ਮੌਕੇ ਵੱਡੀ ਗਿਣਤੀ ਵਿੱਚ ਪੁਲਿਸ ਬਲ ਤੈਨਾਤ ਕੀਤਾ ਗਿਆ ਹੈ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦੇ ਜਗਦੀਸ਼ ਭੋਲਾ ਨੇ ਕਿਹਾ ਮੈਨੂੰ ਸਿਆਸੀ ਪਾਰਟੀਆਂ ਨੇ ਮਿਲ ਕੇ ਫਸਾਇਆ ਹੋਇਆ ਹੈ। ਮੈਂ ਇਸ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਕਰਦਾ ਹਾਂ, ਜੇ ਮੈਂ ਦੋਸ਼ੀ ਪਾਇਆ ਗਿਆ ਤਾਂ ਮੈਨੂੰ ਫਾਹੇ ਲਾ ਦਿੱਤਾ ਜਾਵੇ। ਜ਼ਿਕਰ ਕਰ ਦਈਏ ਕਿ ਜਗਦੀਸ਼ ਭੋਲਾ ਦੇ ਪਿਤਾ ਦਾ ਨਾਂਅ ਬਲਸ਼ਿੰਦਰ ਸਿੰਘ ਸੀ ਤੇ ਉਹ ਲੰਬੇ ਸਮੇਂ ਤੋਂ ਬਿਮਾਰੀ ਤੋਂ ਪੀੜਤ ਸੀ ਜਿਸ ਵਜ੍ਹਾ ਕਰਕੇ ਉਨ੍ਹਾਂ ਦੀ ਮੌਤ ਹੋ ਗਈ। ਅੱਜ ਉਨ੍ਹਾਂ ਦਾ ਅੰਤਿਮ ਸਸਕਾਰ ਪਿੰਡ ਰਾਏਕੇ ਕਲਾਂ ਵਿੱਚ ਕੀਤਾ ਜਾਵੇਗਾ। ਜਿੱਥੇ ਕੁਝ ਸਮੇਂ ਲਈ ਪੈਰੋਲ ਮਿਲਣ ਤੋਂ ਬਾਅਦ ਜਗਦੀਸ਼ ਭੋਲਾ ਵੀ ਪਹੁੰਚੇ। ਦੱਸ ਦਈਏ ਕਿ ਜਗਦੀਸ਼ ਭੋਲੇ ਦੀ ਮਾਤਾ ਦਾ ਵੀ ਕਰੀਬ ਇੱਕ ਸਾਲ ਪਹਿਲਾਂ ਦੇਹਾਂਤ ਹੋ ਗਿਆ ਸੀ। ਜਾਣਕਾਰੀ ਮੁਤਾਬਕ, ਭੋਲਾ ਨੇ ਆਪਣੇ ਕਰੀਅਰ ਦੀ ਸ਼ੁਰੂਆਤ 90 ਦੇ ਦਹਾਕੇ 'ਚ ਕੁਸ਼ਤੀ ਨਾਲ ਕੀਤੀ ਸੀ। ਹੌਲੀ-ਹੌਲੀ ਉਸ ਨੇ ਕੁਸ਼ਤੀ ਦੇ ਖੇਤਰ ਵਿੱਚ ਵੱਖਰੀ ਪਛਾਣ ਬਣਾਈ। ਉਹ ਰਾਸ਼ਟਰੀ ਪੱਧਰ ਦਾ ਪਹਿਲਵਾਨ ਬਣ ਗਿਆ। ਉਸਨੇ ਭਾਰਤ ਕੇਸਰੀ, ਭਾਰਤ ਮਲ ਸਮਰਾਟ, ਰੁਸਤਮੇ ਹਿੰਦ, ਹਿੰਦ ਕੇਸਰੀ ਅਤੇ ਵਿਸ਼ਵ ਖਾਲਸਾ ਕੇਸਰੀ ਵਰਗੇ ਕਈ ਖਿਤਾਬ ਹਾਸਿਲ ਕੀਤੇ। ਕੇਂਦਰ ਸਰਕਾਰ ਨੇ ਉਨ੍ਹਾਂ ਨੂੰ 1998 ਵਿੱਚ ਅਰਜੁਨ ਐਵਾਰਡ ਦਿੱਤਾ ਸੀ। ਇਸ ਮਗਰੋਂ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਪੁਲਿਸ ਵਿੱਚ ਡੀਐਸਪੀ ਦੇ ਅਹੁਦੇ 'ਤੇ ਨਿਯੁਕਤ ਕਰ ਦਿੱਤਾ। ਉਸ ਨੂੰ 1998 ਵਿਚ ਗੈਰ-ਕਾਨੂੰਨੀ ਗਤੀਵਿਧੀਆਂ ਲਈ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਸੀ। ਇਸ ਤੋਂ ਬਾਅਦ ਉਹ ਨਸ਼ੇ ਦੇ ਕਾਰੋਬਾਰ ਵਿੱਚ ਸਰਗਰਮ ਹੋ ਗਿਆ। ਇਸ ਤੋਂ ਬਾਅਦ ਪੁਲਿਸ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ ਸੀ। ਉਸ ਦੇ ਕਈ ਸਾਥੀਆਂ ਅਤੇ ਉਦਯੋਗਪਤੀਆਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਸੀ। ਉਸ ਸਮੇਂ ਇਹ ਖ਼ੁਲਾਸਾ ਹੋਇਆ ਸੀ ਕਿ ਉਹ 700 ਕਰੋੜ ਰੁਪਏ ਦੇ ਅੰਤਰਰਾਸ਼ਟਰੀ ਗੈਂਗ ਦਾ ਸਰਗਨਾ ਸੀ।

## ਪਾਕਿਸਤਾਨ ਦਾ ਹੀ ਲਗਵਾ ਲਿਆ ਜਾਅਲੀ ਵੀਜ਼ਾ, ਟੱਪ ਗਈ ਸਰਹੱਦ, ਕਰਵਾ ਲਿਆ ਵਿਆਹ

**ਠਾਣੇ, 26 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਦੇ ਠਾਣੇ 'ਚ ਪੁਲਸ ਨੇ 24 ਸਾਲਾ ਔਰਤ ਨੂੰ ਫਰਜ਼ੀ ਦਸਤਾਵੇਜ਼ਾਂ ਦੇ ਆਧਾਰ 'ਤੇ ਫਰਜ਼ੀ ਵੀਜ਼ਾ ਹਾਸਲ ਕਰ ਕੇ ਗੁਆਂਢੀ ਦੇਸ਼ ਪਾਕਿਸਤਾਨ ਦੀ ਯਾਤਰਾ ਕਰਨ ਦੇ ਦੋਸ਼ 'ਚ ਗ੍ਰਿਫ਼ਤਾਰ ਕੀਤਾ ਹੈ। ਇਕ ਪੁਲਸ ਅਧਿਕਾਰੀ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਨਮ ਖਾਨ ਉਰਫ਼ ਨਗਮਾ ਨੂਰ ਮਕਸੂਦ ਨੂੰ ਵਰਤਕ ਨਗਰ ਪੁਲਸ ਨੇ ਤਿੰਨ ਦਿਨ ਦੀ ਪੁੱਛ-ਗਿੱਛ ਤੋਂ ਬਾਅਦ ਵੀਰਵਾਰ ਨੂੰ ਗ੍ਰਿਫ਼ਤਾਰ ਕਰ ਲਿਆ। ਅਧਿਕਾਰੀ ਨੇ ਦੱਸਿਆ ਕਿ ਉਸ ਨੂੰ ਅਦਾਲਤ 'ਚ ਪੇਸ਼ ਕੀਤਾ ਗਿਆ, ਜਿੱਥੋਂ ਉਸ ਨੂੰ 2 ਦਿਨ ਦੀ ਪੁਲਸ ਹਿਰਾਸਤ 'ਚ ਭੇਜ ਦਿੱਤਾ ਗਿਆ। ਪੁਲਸ ਅਨੁਸਾਰ ਖਾਨ ਨੇ ਪਾਕਿਸਤਾਨੀ ਵੀਜ਼ਾ ਪ੍ਰਾਪਤ ਕਰਨ ਲਈ ਸਨਮ ਖਾਨ ਦੇ ਨਾਂ ਨਾਲ ਫਰਜ਼ੀ ਪਛਾਣ ਦਾ ਇਸਤੇਮਾਲ ਕੀਤਾ। ਉਸ 'ਤੇ ਫਰਜ਼ੀ ਦਸਤਾਵੇਜ਼ਾਂ ਨਾਲ ਆਧਾਰ ਕਾਰਡ ਅਤੇ ਪੈਨ ਕਾਰਡ ਬਣਵਾਉਣ ਦਾ ਦੋਸ਼ ਹੈ। ਖਾਨ ਆਪਣੇ ਪਤੀ ਤੋਂ ਵੱਖ ਹੋ ਕੇ ਠਾਣੇ 'ਚ ਆਪਣੀ ਮਾਂ ਨਾਲ ਰਹਿੰਦੀ ਹੈ। ਇਕ ਅਧਿਕਾਰੀ ਨੇ ਪਹਿਲੇ ਦੱਸਿਆ ਸੀ ਕਿ ਖਾਨ ਦੀ ਦੋਸਤੀ ਸੋਸ਼ਲ ਮੀਡੀਆ 'ਤੇ ਪਾਕਿਸਤਾਨ ਦੇ ਇਕ ਵਿਅਕਤੀ ਨਾਲ ਹੋਈ ਸੀ, ਜਿਸ ਤੋਂ ਬਾਅਦ ਉਸ ਨੇ ਉਸ ਨੂੰ ਮਿਲਣ ਲਈ ਵੀਜ਼ਾ ਲੈਣ ਦੀ ਕੋਸ਼ਿਸ਼ ਕੀਤੀ ਪਰ ਵਿਆਹ ਦੇ ਦਸਤਾਵੇਜ਼ ਨਾ ਹੋਣ ਕਾਰਨ ਸ਼ੁਰੂ 'ਚ ਉਹ ਅਸਫ਼ਲ ਰਹੀ। ਬਾਅਦ 'ਚ ਔਰਤ ਨੇ ਭਾਰਤ 'ਚ ਹੀ 'ਵਰਚੁਅਲ' ਮਾਧਿਅਮ ਨਾਲ ਉਸ ਵਿਅਕਤੀ ਨਾਲ ਵਿਆਹ ਕਰ ਲਿਆ ਅਤੇ ਜ਼ਰੂਰੀ ਦਸਤਾਵੇਜ਼ ਹਾਸਲ ਕਰ ਕੇ ਪਾਕਿਸਤਾਨ ਚਲੀ ਗਈ। ਉੱਥੇ ਉਨ੍ਹਾਂ ਦੋਹਾਂ ਨੇ ਮੁੜ ਵਿਆਹ ਕਰ ਲਿਆ। ਅਧਿਕਾਰੀ ਨੇ ਦੱਸਿਆ ਕਿ ਠਾਣੇ ਪੁਲਸ ਨੇ ਇਹ ਜਾਣਕਾਰੀ ਮਿਲਣ ਤੋਂ ਬਾਅਦ ਜਾਂਚ ਸ਼ੁਰੂ ਕੀਤੀ। ਉਨ੍ਹਾਂ ਦੱਸਿਆ ਕਿ ਪੁਲਸ ਨੇ ਇਕ ਵਿਅਕਤੀ ਖ਼ਿਲਾਫ਼ ਵੀ ਮਾਮਲਾ ਦਰਜ ਕੀਤਾ ਹੈ, ਜਿਸ ਨੇ ਉਸ ਲਈ ਫਰਜ਼ੀ ਦਸਤਾਵੇਜ਼ ਤਿਆਰ ਕਰਨ 'ਚ ਮਦਦ ਕੀਤੀ ਸੀ। ਉਨ੍ਹਾਂ ਕਿਹਾ ਕਿ ਮਾਮਲੇ 'ਤੇ ਹੋਰ ਜਾਂਚ ਏਜੰਸੀਆਂ ਕੰਮ ਕਰ ਰਹੀਆਂ ਹਨ।



## ਸ਼੍ਰੋਮਣੀ ਕਮੇਟੀ ਚੋਣਾਂ ਸਬੰਧੀ ਵੋਟਰਾਂ ਦੀ ਰਜਿਸਟ੍ਰੇਸ਼ਨ ਵਧਾਉਣ ਲਈ ਸ਼ਨੀਵਾਰ ਤੇ ਐਤਵਾਰ ਨੂੰ ਲੱਗਣਗੇ ਵਿਸ਼ੇਸ਼ ਕੈਂਪ: 43 ਸਾਰੰਗਲ

**ਗੁਰਦਾਸਪੁਰ, 26 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਗੁਰਦੁਆਰਾ ਚੋਣ ਹਲਕਿਆਂ ਦੇ ਰਿਵਾਇਜ਼ਿੰਗ ਅਥਾਰਿਟੀ-ਕਮ-ਉਪ ਮੰਡਲ ਮੈਜਿਸਟਰੇਟ ਨੂੰ ਹਦਾਇਤ ਕੀਤੀ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦੇ ਮੱਦੇਨਜ਼ਰ ਵੋਟਰਾਂ ਦੀ ਰਜਿਸਟ੍ਰੇਸ਼ਨ ਵਧਾਉਣ ਲਈ ਸ਼ਨੀਵਾਰ (27 ਜੁਲਾਈ) ਤੇ ਐਤਵਾਰ (28 ਜੁਲਾਈ) ਨੂੰ ਵਿਸ਼ੇਸ਼ ਕੈਂਪ ਲਗਾਏ ਜਾਣ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਗੁਰਦੁਆਰਾ ਚੋਣ ਹਲਕਿਆਂ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਵੋਟਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣ। ਉਨ੍ਹਾਂ ਕਿਹਾ ਕਿ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਸਿੱਖ ਗੁਰਦੁਆਰਾ ਬੋਰਡ ਚੋਣ ਨਿਯਮ 1959 ਦੇ ਨਿਯਮ ਅਨੁਸਾਰ ਵੋਟਰ ਸੂਚੀ ਦੀ ਤਿਆਰੀ ਸਬੰਧੀ ਪ੍ਰੋਗਰਾਮ ਜਾਰੀ ਹੈ ਅਤੇ ਇਸ ਲਈ 31 ਜੁਲਾਈ 2024 ਤੱਕ ਵੋਟਰਾਂ ਦੀ ਰਜਿਸਟ੍ਰੇਸ਼ਨ ਦਾ ਸਮਾਂ ਨਿਰਧਾਰਿਤ ਕੀਤਾ ਗਿਆ ਹੈ।

## ਚੋਣ ਹਾਰਨ ਤੋਂ ਬਾਅਦ ਸ਼ੀਤਲ ਅੰਗੁਰਾਲ ਨੂੰ ਯਾਦ ਆਈ ਆਮ ਆਦਮੀ ਪਾਰਟੀ, LIVE ਹੋ ਕੀਤੇ ਵੱਡੇ ਖੁਲਾਸੇ



**ਜਲੰਧਰ, ਨਵੀਂ ਦਿੱਲੀ, 26 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ 'ਚ ਹੋਈਆਂ ਜ਼ਿਮਨੀ ਚੋਣਾਂ ਤੋਂ ਬਾਅਦ ਪਹਿਲੀ ਵਾਰ ਸਾਬਕਾ ਵਿਧਾਇਕ ਤੇ ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ ਸਾਹਮਣੇ ਆਇਆ ਹੈ। ਉਨ੍ਹਾਂ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਲਾਈਵ ਹੋ ਕੇ ਪਾਰਟੀ ਛੱਡਣ ਦਾ ਕਾਰਨ ਦੱਸਿਆ। ਸ਼ੀਤਲ ਅੰਗੁਰਾਲ ਨੇ ਕਿਹਾ- ਆਮ ਆਦਮੀ ਪਾਰਟੀ ਨੇ ਸਨਮਾਨ ਨਹੀਂ ਦਿੱਤਾ। ਮੇਰੀ ਇੱਜ਼ਤ ਤੋਂ ਵੱਧ ਕੁਝ ਵੀ ਮਹੱਤਵਪੂਰਨ ਨਹੀਂ ਹੈ, ਇਸ ਲਈ ਮੈਂ ਪਾਰਟੀ ਛੱਡ ਦਿੱਤੀ ਹੈ। ਸ਼ੀਤਲ ਅੰਗੁਰਾਲ ਨੇ ਕਿਹਾ- ਮੈਂ ਹਮੇਸ਼ਾ ਸੱਚ 'ਤੇ ਰਾਜਨੀਤੀ ਕੀਤੀ ਹੈ, ਇਸ ਲਈ ਮੈਂ ਪਾਰਟੀ ਵੀ ਛੱਡੀ ਹੈ। ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਨੇ ਕਿਹਾ- ਇਹ ਚੋਣ ਕੇਵਲ ਮਹਿੰਦਰ ਭਗਤ ਨੇ ਨਹੀਂ ਲੜੀ ਸੀ, ਇਹ ਚੋਣ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਲੜੀ ਸੀ। ਮੈਂ ਉਸ ਦੀ ਜਿੱਤ 'ਤੇ ਉਸ ਨੂੰ ਵਧਾਈ ਦਿੰਦਾ ਹਾਂ। ਸ਼ੀਤਲ ਅੰਗੁਰਾਲ ਨੇ ਅੱਗੇ ਕਿਹਾ- ਜੇਕਰ ਲੋਕਾਂ ਨੂੰ ਮੁੱਖ ਮੰਤਰੀ 'ਤੇ ਭਰੋਸਾ ਹੈ ਤਾਂ ਉਨ੍ਹਾਂ ਨੂੰ ਸਾਡੇ ਇਲਾਕੇ ਦੇ ਕੰਮ ਕਰਵਾਉਣੇ ਚਾਹੀਦੇ ਹਨ। ਜਲੰਧਰ ਪੱਛਮੀ 'ਚ ਵਿਧਾਇਕ ਚੁਣੇ ਨੂੰ ਅੱਜ 12 ਦਿਨ ਬੀਤ ਚੁੱਕੇ ਹਨ ਪਰ ਇਸ ਦਾ ਅੰਦਾਜ਼ਾ ਇੰਨੇ ਦਿਨਾਂ 'ਚ ਵੀ ਨਹੀਂ ਮਿਲ ਸਕਿਆ। ਇਸ ਲਈ ਇੱਕ ਮਹੀਨੇ ਬਾਅਦ ਮੈਂ ਦੁਬਾਰਾ ਲਾਈਵ ਹੋ ਕੇ ਦੱਸਾਂਗਾ ਕਿ ਤੁਸੀਂ ਪੱਛਮੀ ਹਲਕੇ ਵਿੱਚ ਕਿਹੜੇ ਕੰਮ ਕੀਤੇ ਹਨ। ਇੱਕ ਮਹੀਨੇ ਬਾਅਦ ਮੈਂ ਲੋਕਾਂ ਨੂੰ ਇਸ ਦਾ ਹਿਸਾਬ ਦੇਵਾਂਗਾ। ਸ਼ੀਤਲ ਅੰਗੁਰਾਲ ਨੇ ਕਿਹਾ- ਸੱਤਾ 'ਚ ਆਉਣ ਤੋਂ ਬਾਅਦ ਆਮ ਆਦਮੀ ਪਾਰਟੀ ਨੇ ਜਲੰਧਰ ਲੁਧਿਆਣਾ ਹਾਈਵੇ 'ਤੇ ਸਥਿਤ ਸਥਾਨਕ ਪੰਜ ਤਾਰਾ ਹੋਟਲ 'ਚ ਤਿੰਨ ਪ੍ਰੋਗਰਾਮ ਕੀਤੇ। ਇਕ ਵਾਰ ਜਦੋਂ ਮੈਂ ਉਕਤ ਪ੍ਰੋਗਰਾਮ ਵਿਚ ਪਹੁੰਚਿਆ ਤਾਂ ਮੈਨੂੰ ਪਤਾ ਲੱਗਾ ਕਿ ਮੇਰੀ ਕੁਰਸੀ ਸਟੇਜ 'ਤੇ ਨਹੀਂ ਸੀ। ਕੱਲ੍ਹ ਸੀਐਮ ਦੇ ਪ੍ਰੋਗਰਾਮ ਵਿੱਚ ਮਹਿੰਦਰ ਭਗਤ ਨਾਲ ਵੀ ਕੁਝ ਅਜਿਹਾ ਹੀ ਹੋਇਆ। ਸ਼ੀਤਲ ਅੰਗੁਰਾਲ ਨੇ ਦੋਸ਼ ਲਾਇਆ ਹੈ ਕਿ ਮੁੱਖ ਮੰਤਰੀ ਨੇ ਮਹਿੰਦਰ ਭਗਤ ਨੂੰ ਆਪਣੀ ਸਕਿਉਰਟੀ ਦੀ ਕੁਰਸੀ 'ਤੇ ਬਿਠਾਇਆ।

# Nankana Sahib Yatra Committe Uk



# pakistan gurdwara yatra

**6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches**

ਪਾਕਿਸਤਾਨ ਵਿਖੇ ਸ਼੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Enjoy Real Taste of PUNJAB
24 SERVICE EVERYDAY HOURS
PURE AND NATURAL 100% VEGETARIAN
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


# ਯੂਨੀਵਰਸਿਟੀ ਕਾਲਜ ਬੇਨੜਾ ਦਾ ਐੱਮ.ਏ ਪੰਜਾਬੀ ਦਾ ਨਤੀਜਾ ਸ਼ਾਨਦਾਰ ਰਿਹਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਯੂਨੀਵਰਸਿਟੀ ਕਾਲਜ ਬੇਨੜਾ ਦੇ ਐੱਮ.ਏ ਪੰਜਾਬੀ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਨਤੀਜੇ ਵਿੱਚੋਂ ਐੱਮ.ਏ ਪੰਜਾਬੀ ਭਾਗ ਪਹਿਲਾ ਦੇ ਸਮੈਸਟਰ ਪਹਿਲਾ ਦੀ ਕਾਲਜ ਵਿਦਿਆਰਥਣ ਡਿੰਪਲ ਕੌਰ, ਭਜਨ ਕੌਰ, ਮਨਪ੍ਰੀਤ ਕੌਰ ਨੇ 8.20 ਅਤੇ ਸੁਖਜੀਤ ਕੌਰ, ਅਮਨਦੀਪ ਕੌਰ, ਲਖਵੀਰ ਕੌਰ ਨੇ 8 ਐੱਸ.ਜੀ.ਪੀ.ਏ. (ਸਮੈਸਟਰ ਗ੍ਰੇਡ ਪੁਆਇੰਟ ਐਵਰੇਜ) ਪ੍ਰਾਪਤ ਕੀਤੇ ਹਨ। ਐੱਮ.ਏ ਭਾਗ ਦੂਜਾ ਸਮੈਸਟਰ ਤੀਜਾ ਵਿੱਚੋਂ ਵਿਦਿਆਰਥਣ ਜਸਪ੍ਰੀਤ ਕੌਰ, ਮਨਪ੍ਰੀਤ ਕੌਰ, ਜਸ਼ਨਪ੍ਰੀਤ ਕੌਰ ਨੇ 8.8 ਅਤੇ ਸੰਦੀਪ ਕੌਰ, ਹਰਦੀਪ ਕੌਰ ਨੇ 8 ਐੱਸ.ਜੀ.ਪੀ.ਏ. ਗ੍ਰੇਡ ਪ੍ਰਾਪਤ ਕੀਤੇ ਹਨ। ਕਾਲਜ ਪ੍ਰਿੰਸੀਪਲ ਨੇ ਵਿਦਿਆਰਥੀਆਂ ਦੀਆਂ ਇਨਾਂ ਅਕਾਦਮਿਕ ਪ੍ਰਾਪਤੀਆਂ ਲਈ ਮੁਬਾਰਕਬਾਦ ਦਿੱਤੀ ਅਤੇ ਵਿਦਿਆਰਥਣਾਂ ਦੇ ਚੰਗੇ ਅਕਾਦਮਿਕ ਪ੍ਰਦਰਸ਼ਨ ਲਈ ਕਾਲਜ ਦੇ ਯੋਗ ਤੇ ਤਜ਼ਰਬੇਕਾਰ ਆਧਿਆਪਕਾਂ ਦੀ ਵੀ ਪ੍ਰਸ਼ੰਸਾ ਕੀਤੀ।


ਆਵਾਜ਼ਿ ਕੌਮ AWAZE QAUM
International Newspaper & WEB TV



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ




www.damdamitaksal.net
Learn Speak Read Write
PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੁਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੁਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**

ੴ ਵਾਹਿਗੁਰੂ ਜੀ ਕੀ ਫਤਹਿ ॥

ਪੰਜ ਤੀਰ ਹੋਰ ਤੂੰ ਗੁਰੂ ਤੋਂ ਮੰਗੇ, ਗੰਗੂ ਦੀ ਰੂਹ ਨੂੰ ਮਾਰਨ ਲਈ । ਅੱਜ ਪੰਥ ਇਕੱਠਾ ਹੋਇਆ ਹੈ, ਤੇਰੇ ਬੋਲਾਂ ਨੂੰ ਸਤਿਕਾਰਨ ਲਈ ।

# ਜਲਾਵਤਨ ਸਿੱਖ ਯੋਧੇ, ਦਲ ਖਾਲਸਾ ਦੇ ਬਾਨੀ, ਕੌਮੀ ਸ਼ਾਇਰ, ਭਾਈ ਗਜਿੰਦਰ ਸਿੰਘ ਜੀ ਦੀ ਯਾਦ ਵਿੱਚ ਗੁਰਦੁਆਰਾ ਬਾਬਾ ਸੰਗ ਜੀ ਸਮੈਦਿਕ ਵਿਖੇ 4 ਅਗਸਤ 2024 ਦਿਨ ਐਤਵਾਰ ਨੂੰ

# ਸ਼ਰਧਾਂਜ਼ਲੀ ਸਮਾਗਮ

ਵੀਹਵੀਂ ਸਦੀ ਦੇ ਮਹਾਨ ਗੁਰਸਿੱਖ, ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਰਿਹਾਈ ਲਈ 29 ਸਤੰਬਰ 1981 ਨੂੰ ਇੰਡੀਅਨ ਏਅਰ ਲਾਇਨਜ ਦਾ ਹਵਾਈ ਜਹਾਜ਼ ਹਾਈਜੈਕ ਕਰਕੇ ਲਾਹੌਰ ਲਿਜਾਣ ਵਾਲੇ ਭਾਈ ਗਜਿੰਦਰ ਸਿੰਘ ਜੀ ਸਾਥੀਆਂ ਸਮੇਤ ਕਰੀਬ 14 ਸਾਲ ਪਾਕਿਸਤਾਨ ਦੀ ਕੋਟ ਲੱਖਪਤ ਜੇਲ੍ਹ ਵਿੱਚ ਨਜ਼ਰਬੰਦ ਰਹੇ ਅਤੇ ਉਸ ਤੋਂ ਬਾਅਦ ਅੰਤਮ ਸਵਾਸ ਤੱਕ ਪਾਕਿਸਤਾਨ ਵਿੱਚ ਹੀ ਜਲਾਵਤਨੀ ਦੀ ਜ਼ਿੰਦਗੀ ਬਿਤਾਈ ।

ਬਿਖੜੇ ਪੈਂਡਿਆਂ ਤੇ ਤੁਰਦਿਆਂ ਵੀ ਸਰਦਾਰ ਗਜਿੰਦਰ ਸਿੰਘ ਨੇ ਦ੍ਰਿੜਤਾ ਨਾਲ ਖਾਲਿਸਤਾਨ ਦੀ ਅਜ਼ਾਦੀ ਅਤੇ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਲਈ ਸਖਤ ਪਹਿਰਾ ਦਿੱਤਾ ।

ਬੀਤੀ 3 ਜੁਲਾਈ 2024 ਨੂੰ ਭਾਈ ਗਜਿੰਦਰ ਸਿੰਘ ਜੀ ਲਾਹੌਰ ਵਿਖੇ ਅਕਾਲ ਚਲਾਣਾ ਕਰ ਗਏ । ਉਨ੍ਹਾਂ ਦੀ ਅਦੁੱਤੀ ਪੰਥਕ ਦੇਣ ਨੂੰ ਯਾਦ ਕਰਦਿਆਂ ਸੰਸਾਰ ਭਰ ਵਿੱਚ ਪੰਥ ਦਰਦੀਆਂ ਵੱਲੋਂ ਸ਼ਰਧਾਂਜਲੀ ਸਮਾਗਮ ਕੀਤੇ ਜਾ ਰਹੇ ਹਨ । ਉਸੇ ਲੜੀ ਵਿੱਚ ਗੁਰਦੁਆਰਾ ਬਾਬਾ ਸੰਗ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ 4 ਅਗਸਤ 2024 ਦਿਨ ਐਤਵਾਰ ਨੂੰ ਵਿਸ਼ਾਲ ਸ਼ਰਧਾਂਜਲੀ ਸਮਾਗਮ ਕੀਤਾ ਜਾ ਰਿਹਾ ਹੈ । ਆਪ ਸਭ ਨੂੰ ਬੇਨਤੀ ਹੈ ਕਿ ਪੰਥਕ ਪਿਆਰ ਵਿੱਚ ਹੁੰਮ-ਹੁੰਮਾ ਕੇ ਪੁੱਜੋ ਅਤੇ ਪੰਥਕ ਏਕੇ ਦਾ ਸਬੂਤ ਦਿੰਦਿਆਂ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ।



ਜਲਾਵਤਨ ਸਿੱਖ ਯੋਧਾ
ਭਾਈ ਗਜਿੰਦਰ ਸਿੰਘ ਦਲ ਖਾਲਸਾ

## === ਪ੍ਰੋਗਰਾਮ ਦਾ ਵੇਰਵਾ :===

ਮਿਤੀ 2 ਅਗਸਤ 2024 ਦਿਨ ਸ਼ੁਕਰਵਾਰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ ਮਿਤੀ ਅਗਸਤ ਦਿਨ ਐਤਵਾਰ ਨੂੰ ਸ੍ਰੀ ਅਖੰਡ ਪਾਠ ਜੀ ਦੇ ਭੋਗ ਉਪਰੰਤ ਦੀਵਾਨ ਸਜੇਗਾ, ਜਿਸ ਵਿਚ ਉਚਕੋਟੀ ਦੇ ਰਾਗੀ ਜੱਥੇ, ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਨਾਮਵਰ ਪੰਥਕ ਬੁਲਾਰੇ ਪੰਥਕ ਵੀਚਾਰ ਸਾਂਝੇ ਕਰਨਗੇ ।

## ਗੁਰਦੁਆਰਾ ਬਾਬਾ ਸੰਗ ਜੀ ਅਤੇ ਸੈਂਡਵਿਲ ਦੇ ਸਮੂਹ ਗੁਰਦੁਆਰਾ ਸਾਹਿਬ

**GURDWARA BABA SANG JI SMETHWICK**
**7-9 ST PAUL'S ROAD, SMETHWICK, B66 1EE**

ਵਧੇਰੇ ਜਾਣਕਾਰੀ ਲਈ ਸੰਪਰਕ :

**0121 558 2681 / 07930 908368 / 07452 765165**


ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar


SANT BEANT SINGH JI
BER KALAN WALE | UK TOUR 2024
FRI 26TH JULY - SUN 28TH JULY: SOUTHAMPTON
MON 29TH JULY - SUN 4TH AUGUST: SOUTHALL
MON 5TH AUGUST - SAT 10TH AUGUST: 7:00-8:00PM
GURU NANAK GURDWARA, LEICESTER, LE1 4LJ
SUN 11TH AUGUST: 1:00-2:00PM
GURU NANAK GURDWARA, LEICESTER, LE1 4LJ
WED 14TH AUGUST - 7:30-8:10PM:
GURU HAR RAI SAHIB GURDWARA, WEST BROMWICH, B70 6JW
SUN 18TH AUGUST - 2:00-3:00 PM:
GURU HAR RAI GURDWARA, WEST BROMWICH, B70 6JW
MON 19TH AUGUST - SUN 25TH AUGUST: 7:00-7:30AM &
6:45-7:30PM
SEDLEY STREET, WOLVERHAMPTON, WV2 3AJ
MON 26TH AUGUST - SUN 1ST SEPTEMBER: 7:30-8:15AM,
10:00-11:00AM & 7:15-8:00PM
BABA SANG GURDWARA, SMETHWICK, B66 1EE
SANT BEANT SINGH | WHATSAPP: +918530000006


ਬਾਲਾ ਪ੍ਰੀਤਮ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ
ਮਹਾਨ ਗੁਰਮਤਿ ਸਮਾਗਮ
ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਪਾ. ਅੱਠਵੀਂ ਅੰਬਾਲਾ
27 ਜੁਲਾਈ 2024 ਦਿਨ ਸ਼ਨਿੱਚਰਵਾਰ ਅਰੰਭ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 10 ਵਜੇ ਉਪਰੰਤ ਆਰੰਭਤਾ ਮਹਾਨ ਨਗਰ ਕੀਰਤਨ ਸਵੇਰੇ 10:30 ਵਜੇ
ਮਿਤੀ 28 ਜੁਲਾਈ 2024 ਐਤਵਾਰ ਦਿਨ ਤੇ ਰਾਤ ਢਾਡੀ, ਕਵੀਸ਼ਰੀ ਅਤੇ ਕੀਰਤਨੀਏ ਸੰਗਤਾਂ ਨੂੰ ਨਿਹਾਲ ਕਰਨਗੇ
ਰੈਣ ਸਬਾਈ ਕੀਰਤਨ:- ਸਮਾਂ ਰਾਤ 11 ਵਜੇ ਤੋਂ 2 ਵਜੇ ਤੱਕ ਹੋਵੇਗਾ।
ਮਿਤੀ 29 ਜੁਲਾਈ 2024 ਦਿਨ ਸੋਮਵਾਰ ਭੋਗ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 9 ਵਜੇ ਉਪਰੰਤ 10 ਵਜੇ ਤੋਂ ਸ਼ਾਮ 4 ਵਜੇ ਤੱਕ ਧਾਰਮਿਕ ਦੀਵਾਨ ਸਜਣਗੇ
ਅੰਮ੍ਰਿਤ ਸੰਚਾਰ:- ਮਿਤੀ 29 ਜੁਲਾਈ 2024 ਦਿਨ ਸੋਮਵਾਰ ਸਵੇਰੇ 11 ਵਜੇ ਹੋਵੇਗਾ
(ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚ ਕੇ ਆਪਣਾ ਨਾਮ ਦਰਜ ਕਰਵਾਉਣ ਦੀ ਕ੍ਰਿਪਾਲਤਾ ਕਰਨ ਜੀ)
ਗਿਆਨੀ ਜਸਵੰਤ ਸਿੰਘ
(ਕਥਾਵਾਚਕ ਸ੍ਰੀ ਅੰਮ੍ਰਿਤਸਰ ਸਾਹਿਬ)
ਗਿਆਨੀ ਕਿਰਪਨ ਸਿੰਘ
ਭਾਈ ਜਗਤਾਰ ਸਿੰਘ -
(ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ)
ਭਾਈ ਗੁਰਸੇਵਕ ਸਿੰਘ ਰੰਗੀਲਾ
ਭਾਈ ਸਤਿੰਦਰਪਾਲ ਸਿੰਘ
(ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ)
LIVE ON
ਬਾਲਾ ਪ੍ਰੀਤਮ TV
ਬੀਬੀ ਦਲੇਰ ਕੌਰ ਖਾਲਸਾ
(ਢਾਡੀ ਜੱਥਾ)
ਭਾਈ ਕਮਲਦੀਪ ਸਿੰਘ
ਭਾਈ ਅਰਵਿੰਦਰਜੀਤ ਸਿੰਘ
ਭਾਈ ਮੇਜਰ ਸਿੰਘ
ਢਾਡੀ ਜੱਥਾ, ਸੁਲਤਾਨਪੁਰ ਲੋਧੀ
(ਅਖੰਡ ਕੀਰਤਨੀ ਜੱਥਾ)
ਅਕਾਲ ਸਹਾਇ
GURBANI
ਨੋਟ: ਕੋਈ ਵੀ ਸੱਜਣ ਸਟੇਜ ਸੈਕਟਰੀ ਦੀ ਆਗਿਆ ਤੋਂ ਬਿਨ੍ਹਾ ਬੋਲਣ ਦੀ ਖੇਚਲ ਨਾ ਕਰੇ।
ਰਾਤ ਦੀਪ-ਮਾਲਾ ਅਤੇ ਆਤਿਸ਼ਬਾਜੀ ਹੋਵੇਗੀ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ.ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ
ਸ.ਭੁਪਿੰਦਰ ਸਿੰਘ ਅੰਬਾਲਾ
ਮੈਂਬਰ
ਸ.ਤਰਵਿੰਦਰਪਾਲ ਸਿੰਘ ਅੰਬਾਲਾ
ਅੰਤ੍ਰਿੰਗ ਮੈਂਬਰ
ਭਾਈ ਬੂਟਾ ਸਿੰਘ
ਹੈਡ ਗ੍ਰੰਥੀ ਗੁ: ਸ੍ਰੀ ਪੰਜੋਖਰਾ ਸਾਹਿਬ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ,ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ ਅਤੇ ਸਮੂੰਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ: ਮੈਨੇਜਰ ਗੁ. ਸ੍ਰੀ ਪੰਜੋਖਰਾ ਸਾਹਿਬ ਪਾ.ਅੱਠਵੀਂ ਅੰਬਾਲਾ ਮੋ. 9991037375, 9728333218
HDFC BANK
HDFC BANK
BRANCH: PANJOKHRA, AMBALA

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

- ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਅਨੰਤ ਪਿਆਰੇ ਸਿੱਖ ਭਾਈ ਰੂਪ ਚੰਦ ਜੀ
- ਸਲਾਨਾ ਬਰਸੀਂ ਭਾਈ ਰੂਪ ਚੰਦ ਸਮਾਧ ਭਾਈ ( ਮੋਗਾ) ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 27 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 28 ਜੁਲਾਈ 2024 ਨੂੰ 6:30 ਵਜੇ ਸਵੇਰੇ ਚੌਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ



ਕੀਰਤਨੀ ਜਥਾ ਰਾਗੀ ਭਾਈ ਦਲੇਰ ਸਿੰਘ ਸਾਬਕਾ ਹਜ਼ੂਰੀ ਰਾਗੀ ਸ੍ਰੀ ਬੰਗਲਾ ਸਾਹਿਬ ਦਿੱਲੀ ਵਾਲੇ

ਕੀਰਤਨ ਦਰਬਾਰ ਰਾਗੀ ਭਾਈ ਦਲੇਰ ਸਿੰਘ ਸਾਬਕਾ ਹਜ਼ੂਰੀ ਰਾਗੀ ਸ੍ਰੀ ਬੰਗਲਾ ਸਾਹਿਬ ਦਿੱਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਕੀਰਤਨ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

- ਛਬੀਲ ਵੀ ਲੱਗੇਗੀ
- ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਵਿੰਗਜ ਵੈੱਲਫੇਅਰ ਸੁਸਾਇਟੀ ਨਵਾਂ ਤਨੇਲ ਵੱਲੋਂ

# ਹਰਿਆਵਲ ਲਹਿਰ ਤਹਿਤ 500 ਬੂਟੇ ਲਗਾਏ



**ਚੌਕ ਮਹਿਤਾ,26 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-26 ਸਾਫ ਹਵਾ ਤੇ ਸਾਫ ਪਾਣੀ ਤੇ ਸ਼ੁੱਧ ਵਾਤਾਵਰਨ ਨੂੰ ਮੁੱਖ ਰੱਖਦੇ ਹੋਏ ਤੇ ਵੱਧਦੇ ਹੋਏ ਤਾਪਮਾਨ ਗਰਮੀ ਤੋ ਬਚਣ ਲਈ ਹਰਿਆਵਲ ਲਹਿਰ ਤਹਿਤ ਵਿੰਗਜ ਵੈੱਲਫੇਅਰ ਸੁਸਾਇਟੀ ਨਵਾਂ ਤਨੇਲ ਵੱਲੋਂ 500 ਤੋਂ ਵਧੇਰੇ ਬੂਟੇ ਲਗਾਏ ਜਾਣਕਾਰੀ ਸਾਂਝੀ ਕਰਦੇ ਹੋਏ ਜਰਮਨਜੀਤ ਸਿੰਘ ਚੰਦੀ ਨੇ ਆਖਿਆ ਕੇ ਜਿੱਥੇ ਦਿਨ ਪ੍ਰਤੀ ਦਿਨ ਰੁੱਖਾ ਦੀ ਵੱਡੇ ਪੱਧਰ ਤੇ ਹੋ ਰਹੀ ਕਟਾਈ ਤੇ ਸਾਡੇ ਕਿਸਾਨ ਭਰਾਵਾ ਵੱਲੋਂ ਸੀਜਨ ਦੇ ਦਿਨਾ ਦੌਰਾਨ ਫਸਲਾ ਦੀ ਰਹਿਦ ਖੂਹਦ ਨੂੰ ਅੱਗ ਲਗਾਉਣਾ ਪਾਣੀ ਦਾ ਲੈਵਲ ਦਿਨ-ਦਿਨ ਘੱਟਣਾ ਵੱਡੀ ਸਮੱਸਿਆ ਦਾ ਕਾਰਨ ਬਣਦਾ ਜਾ ਰਿਹਾ ਹੈ। ਅੱਜ ਲੋੜ ਹੈ ਹਰੇਕ ਵਿਅਕਤੀ ਵੱਧ ਤੋਂ ਵੱਧ ਰੁੱਖ ਲਗਾਵੇ ਤਾਂ ਜੋ ਕੁਦਰਤੀ ਸਰੋਤਾ ਨੂੰ ਬਚਾਇਆ ਜਾ ਸਕੇ ਰੁੱਖ ਲਗਾਓ ਦੇ ਨਾਲ ਨਾਲ ਲੋੜ ਹੈ ਸਾਭ ਸੰਭਾਲ ਕਰਨ ਦੀ ਤੇ ਅਵਾਰਾ ਡੰਗਰਾਂ ਤੋਂ ਬਚਾਓਣ ਦੀ ਜਿਸ ਸਬੰਧੀ ਜੰਗਲਾਤ ਵਿਭਾਗ ਅਤੇ ਪ੍ਰਸ਼ਾਸਨ ਵੀ ਸਹਿਯੋਗ ਕਰੇ। ਇਸ ਮੋਕੇ ਵਿੰਗਜ ਕਲੱਬ ਦੇ ਮੈਂਬਰ ਹਰਬਰਿੰਦਰ ਸਿੰਘ ਚੰਦੀ,ਹਰਪ੍ਰੀਤ ਸਿੰਘ,ਸੁਖਜਿੰਦਰ ਸਿੰਘ,ਰਾਜਨਬੀਰ ਸਿੰਘ,ਦਲਬੀਰ ਸਿੰਘ,ਗੁਰਪ੍ਰੀਤ ਸਿੰਘ,ਮਨਦੀਪ ਸਿੰਘ,ਗੁਰਬਾਜ ਸਿੰਘ,ਅਨਮੋਲਦੀਪ ਸਿੰਘ,ਜਗਦੀਪ ਸਿੰਘ ਆਦਿ ਵੱਲੋਂ ਬੂਟੇ ਲਗਾਓਣ ਦੀ ਸੇਵਾ ਨਿਭਾਈ ਗਈ।

ਨਿਊ ਮਾਝਾ ਪ੍ਰੈਸ ਕਲੱਬ ਮਹਿਤਾ ਚੌਕ ਵਲੋਂ ਥੈਲੇਸੀਮੀਆ ਬਿਮਾਰੀ ਨਾਲ

# ਪੀੜਤ ਬੱਚਿਆਂ ਲਈ ਖ਼ੂਨ ਦਾਨ ਕੈਂਪ ਅੱਜ





**ਚੌਕ ਮਹਿਤਾ, 26 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁੱਖੀ ਤੇ ਸੰਤ ਸਮਾਜ ਦੇ ਪ੍ਰਧਾਨ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਦੀ ਰਹਿਨੁਮਾਈ ਹੇਠ ਨਿਊ ਮਾਝਾ ਪ੍ਰੈਸ ਕਲੱਬ ਮਹਿਤਾ ਚੌਕ ਵਲੋਂ ਥੈਲੇਸੀਮੀਆ ਬਿਮਾਰੀ ਨਾਲ ਪੀੜਤ ਬੱਚਿਆਂ ਲਈ 27 ਜੁਲਾਈ ਦਿਨ ਸ਼ਨੀਵਾਰ ਨੂੰ ਦਸ਼ਮੇਸ਼ ਹੈਰੀਟੇਜ਼ ਸਕੂਲ ਮਹਿਤਾ ਚੌਕ ਵਿੱਚ ਖ਼ੂਨ ਦਾਨ ਕੈਂਪ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਬਾਬਤ ਜਾਣਕਾਰੀ ਦਿੰਦੇ ਹੋਏ ਪ੍ਰੈਸ ਕਲੱਬ ਦੇ ਪ੍ਰਧਾਨ ਬਲਜਿੰਦਰ ਸਿੰਘ ਬੱਲੀ ਰੰਧਾਵਾ ਅਤੇ ਦਸ਼ਮੇਸ਼ ਹੈਰੀਟੇਜ਼ ਸਕੂਲ ਮਹਿਤਾ ਦੇ ਡਾਇਰੈਕਟਰ ਸ.ਮਨਪ੍ਰੀਤ ਸਿੰਘ ਟੱਕਰ ਨੇ ਸਾਂਝੇ ਤੌਰ ਤੇ ਦੱਸਿਆ ਕਿ ਖ਼ੂਨ ਦਾਨ ਕੈਂਪ ਲਈ ਸਾਰੀਆਂ ਮੁੱਢਲੀਆਂ ਤਿਆਰੀਆਂ ਹੋ ਚੁੱਕੀਆਂ ਹਨ ਅਤੇ ਇਲਾਕੇ ਦੇ ਲੋਕਾਂ ਵਿੱਚ ਥੈਲੇਸੀਮੀਆ ਨਾਲ ਪੀੜਤ ਬੱਚਿਆਂ ਦੀ ਲੋੜ ਪੂਰੀ ਕਰਨ ਲਈ ਇਸ ਨੇਕ ਕਾਰਜ ਲਈ ਖ਼ੂਨ ਦਾਨ ਦੇਣ ਲਈ ਵੱਡਾ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਬਹੁਤ ਸਾਰੇ ਦਾਨੀ ਸੱਜਣਾਂ ਨੇ ਬਤੌਰ ਖ਼ੂਨ ਦਾਨੀ ਨਾਂਅ ਦਰਜ਼ ਕਰਵਾਏ ਹਨ। ਉਹਨਾਂ ਦਸਿਆ ਕਿ ਗੁਰੂ ਰਾਮਦਾਸ ਹਸਪਤਾਲ ਵੱਲ੍ਹਾ ਤੋਂ ਡਾਕਟਰਾਂ ਦੀ ਟੀਮ ਪਹੁੰਚ ਰਹੀ ਹੈ, ਜੋ ਦਾਨੀ ਸੱਜਣਾਂ ਰਾਹੀਂ ਦਾਨ ਕੀਤੇ ਖ਼ੂਨ ਦਾ ਪਲਾਜ਼ਮਾ ਇਕੱਤਰ ਕਰਕੇ ਥੈਲੇਸੀਮੀਆ ਬੀਮਾਰੀ ਨਾਲ ਪੀੜਤ ਬੱਚਿਆਂ ਦੀ ਸਿਹਤਯਾਬੀ ਲਈ ਵਰਤਣਗੇ। ਇਸ ਮੌਕੇ ਤੇ ਹੋਰ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਥੈਲੇਸੀਮੀਆ (ਖ਼ੂਨ ਨਾ ਬਣਨਾ) ਜਮਾਂਦਰੂ ਬਿਮਾਰੀ ਹੈ। ਇਸ ਰੋਗ ਕਾਰਨ ਨਵ-ਜਨਮੇ ਬੱਚੇ ਵਿਚ ਖ਼ੂਨ ਬਣਨ ਦੀ ਪ੍ਰਕਿਰਿਆ ਘੱਟ ਹੁੰਦੀ ਹੈ ਤੇ ਬੱਚੇ ਨੂੰ ਹਰ 10 ਜਾਂ 15 ਦਿਨਾਂ ਬਾਅਦ ਖ਼ੂਨ ਚੜ੍ਹਾਉਣ ਦੀ ਜ਼ਰੂਰਤ ਪੈਂਦੀ ਹੈ। ਸ਼ੁਰੂ ਵਿਚ ਇਹ ਬਿਮਾਰੀ ਅਰਬ ਮੁਲਕਾਂ ਵਿਚ ਹੁੰਦੀ ਸੀ। ਹੁਣ ਸਾਡੇ ਮੁਲਕ ਭਾਰਤ ਵਿਚ 4 ਕਰੋੜ ਤੋਂ ਵੱਧ ਔਰਤ-ਮਰਦ ਹਨ ਜੋ ਕਿ ਦੇਖਣ ਵਿਚ ਤੰਦਰੁਸਤ ਲੱਗਦੇ ਹਨ, ਪਰ ਇਸਦੇ ਬਾਵਜੂਦ, ਮਾਈਨਰ ਥੈਲੇਸੀਮਿਕ ਜੀਨ ਕੈਰੀਅਰ ਹੁੰਦੇ ਹਨ। ਇਸ ਮੌਕੇ ਤੇ ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਖ਼ੂਨ ਦਾਨ ਕੈਂਪ ਵਿੱਚ ਵੱਧ ਤੋਂ ਵੱਧ ਹਾਜ਼ਰ ਹੋ ਕੇ ਲੋੜਵੰਦਾਂ ਮਰੀਜ਼ਾਂ ਦੀ ਸੇਵਾ ਲਈ ਖ਼ੂਨ ਦਾਨ ਕਰਨ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪ੍ਰਿੰ .ਹਰਸ਼ਦੀਪ ਸਿੰਘ ਰੰਧਾਵਾ, ਡਾ.ਅਵਤਾਰ ਸਿੰਘ ਬੁੱਟਰ, ਸੁਖਵਿੰਦਰ ਸਿੰਘ, ਸਤਨਾਮ ਜੱਜ, ਜਗਦੀਸ਼ ਸਿੰਘ ਬੰਮਰਾਹ, ਜੋਗਿੰਦਰ ਸਿੰਘ ਮਾਹਣਾ, ਡਾਕਟਰ ਦਲਜੀਤ ਸਿੰਘ,ਦਵਿੰਦਰ ਸਿੰਘ ਰੰਧਾਵਾ,ਜਤਿੰਦਰ ਪਾਲ ਸਿੰਘ, ਗੁਰਮੀਤ ਸਿੰਘ ਸਦਾਰੰਗ, ਰਜਵਿੰਦਰ ਸਿੰਘ ਰੰਧਾਵਾ, ਵਰਿੰਦਰ ਬਾਊ, ਬਾਬਾ ਸੁਖਵੰਤ ਸਿੰਘ, ਉਪਕਾਰ ਸਿੰਘ ਬੱਲ ਨਿਰਮਲ ਸਿੰਘ, ਸੰਦੀਪ ਸਿੰਘ ਸਹੋਤਾ, ਸਮੇਤ ਹੋਰ ਕਈ ਸਜਣ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਖਾਲਸਾ ਕਾਲਜ ਮਹਿਤਾ ਬੀ.ਕਾਮ ਚੌਥੇ ਅਤੇ ਛੇਵੇਂ ਸਮੈਸਟਰ ਦੇ ਸ਼ਾਨਦਾਰ ਨਤੀਜੇ



**ਚੌਕ ਮਹਿਤਾ, 26 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਬੀ.ਕਾਮ ਛੇਵੇਂ ਅਤੇ ਚੌਥੇ ਸਮੈਸਟਰ ਦੇ ਨਤੀਜੇ 100% ਰਹੇ। ਜਿਸ ਵਿੱਚ ਬੀ.ਕਾਮ ਛੇਵੇਂ ਸਮੈਸਟਰ ਦੀ ਮਹਿਕਪ੍ਰੀਤ ਕੌਰ 76%, ਗੁਰਜੀਤ ਕੌਰ 75%, ਅੰਮ੍ਰਿਤਬੀਰ ਕੌਰ ਅਤੇ ਰਮਨਦੀਪ ਕੌਰ 73% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਬੀ. ਕਾਮ ਚੌਥੇ ਸਮੈਸਟਰ ਦੀ ਕਿਰਨਪ੍ਰੀਤ ਕੌਰ ਨੇ 76% ਅਤੇ ਪ੍ਰਭਦੀਪ ਕੌਰ ਨੇ 74% ਫੀਸਦੀ ਅੰਕ ਹਾਸਿਲ ਕਰਕੇ ਆਪਣੇ ਮਾਪਿਆਂ ਅਤੇ ਕਾਲਜ ਦਾ ਮਾਣ ਵਧਾਇਆ। ਇਸ ਮੌਕੇ ਖੁਸ਼ੀ ਜ਼ਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਸਾਰੇ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਨਾਲ ਹੀ ਭਵਿੱਖ ਵਿੱਚ ਹੋਰ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ । ਉਹਨਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਸੁਨਹਿਰੀ ਮੌਕੇ ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ ,ਕਿਰਨਬੀਰ ਕੌਰ, ਗੁਰਸ਼ਰਨਪ੍ਰੀਤ ਕੌਰ, ਕੁਲਜੀਤ ਕੌਰ, ਪੂਰਤੀ ਸ਼ਰਮਾ, ਰੇਨੂਕਾ, ਮਨਜੀਤ ਕੌਰ ,ਗੁਰਵਿੰਦਰ ਕੌਰ, ਰੁਪਿੰਦਰ ਕੌਰ, ਸੁਪ੍ਰੀਤ ਕੌਰ,ਨਵਨੀਤ ਕੌਰ, ਸੁਖਦੇਵ ਸਿੰਘ, ਰਾਜਬੀਰ ਕੌਰ , ਰਿਤਿਕਾ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

## ਸਿਹਤ ਵਿਭਾਗ ਤਰਨ ਤਾਰਨ ਵੱਲੋ ਵੱਖ ਵੱਖ ਸਿਹਤ ਪ੍ਰੋਗਰਾਮਾ ਦਾ ਰੀਵਿਊ ਕਰਨ ਲਈ ਕਰਵਾਈ ਜੂਮ ਮੀਟਿੰਗ



**ਚੌਕ ਮਹਿਤਾ, 26ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਤਰਨ ਤਾਰਨ ਵੱਲੋ ਮਾਨਯੋਗ ਸਿਵਲ ਸਰਜਨ ਡਾ. ਭਰਤ ਭੂਸ਼ਣ ਤਰਨ ਤਾਰਨ ਜੀ ਦੀਆਂ ਹਦਾਇਤਾ ਤੇ ਜਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੋਰ ਜੀ ਵੱਲੋ ਸਿਹਤ ਵਿਭਾਗ ਨਾਲ ਸਬੰਧਤ ਚੱਲ ਰਹੇ ਪ੍ਰੋਗਰਾਮ ਨੂੰ ਰੀਵਿਊ ਕਰਨ ਲਈ ਜੂਮ ਮੀਟਿੰਗ ਕਰਵਾਈ ਗਈ ਇਸ ਮੀਟਿੰਗ ਵਿੱਚ ਡਾ. ਇਸ਼ਤਾ ਸਰਵੀਲੇਂਸ ਅਫਸਰ ਡਾ. ਅਮਨਦੀਪ ਸਿੰਘ ਮੈਡੀਕਲ ਅਫਸਰ, ਡਾ. ਸੁਖਜਿੰਦਰ ਸਿੰਘ ਮੈਡੀਕਲ ਅਫਸਰ, ਸ੍ਰੀ ਅਮਰਦੀਪ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ, ਸ੍ਰੀਮਤੀ ਰਜਨੀ ਸਕੂਲ ਹੈਲਥ ਕੁਆਰਡੀਨੇਟਰ, ਐਲ.ਐਚ.ਵੀ. ਅਤੇ ਬੀ.ਈ.ਈ. ਵੱਲੋ ਭਾਗ ਲਿਆ ਗਿਆ ਜਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੌਰ ਵੱਲੋ ਸਮੂਹ ਬਲਾਕ ਅਕਸਟੈਸ਼ਨ ਐਜੂਕੇਟਰਾਂ, ਐਲ.ਐਚ.ਵੀ. ਅਤੇ ਪੈਰਾ ਮੈਡੀਕਲ ਸਟਾਫ ਨੂੰ ਹਦਾਇਤਾ ਜਾਰੀ ਕੀਤੀਆਂ ਕਿ ਰੂਟੀਨ ਇੰਮੂਨਾਈਜੇਸ਼ਨ ਦੀਆ ਮਹੀਨਾਵਾਰ ਰਿਪੋਰਟਾ ਦਾ ਰੀਵਿਊ ਕੀਤਾ ਜਾਵੇ ਅਤੇ ਆਪਣੇ ਆਪਣੇ ਬਲਾਕਾ ਦੀ ਰਿਪੋਰਟਾ ਦਾ ਰੀਵਿਊ ਕਰਕੇ ਬੀ.ਸੀ.ਜੀ. ਅਤੇ ਹੈਪਾਟਾਈਟਸ ਬਰਥ ਡੋਜ਼ ਦੀ ਰਿਪੋਰਟ ਨੂੰ ਅਪਡੇਟ ਕੀਤਾ ਜਾਵੇ , ਬਲਾਕ ਪੱਧਰ ਤੇ ਅਨੀਮੀਆਂ ਮੁਕਤ ਭਾਰਤ ਬਾਰੇ ਸਮੂਹ ਸਟਾਫ, ਆਮ ਆਦਮੀ ਕਲੀਨਿਕ ਦੇ ਮੈਡੀਕਲ ਅਫਸਰ ਅਤੇ ਲੋਕਾ ਨੂੰ ਜਾਗਰੂਕ ਕੀਤਾ ਜਾਵੇ, ਆਰ.ਬੀ.ਐਸ.ਕੇ ਵੱਲੋ ਸਕੂਲਾ ਵਿੱਚ ਲਗਾਏ ਗਏ ਹੈਲਥ ਚੈਕਅੱਪ ਕੈਂਪਾਂ ਦੇ ਅਧੀਨ ਅਨੀਮੀਆ ਮੁੱਕਤ ਅਭਿਆਨ ਅਤੇ ਵੱਡੇ ਬੱਚਿਆ ਦੀ ਟੀ.ਡੀ. ਵੈਕਸੀਨੇਸ਼ਨ ਕਰਵਾਈ ਜਾਵੇ ਅਤੇ ਸਮੇ ਸਿਰ ਰਿਪੋਰਟਿੰਗ ਕੀਤੀ ਜਾਵੇ । ਡਾ.ਇਸ਼ਤਾ ਸਰਵੀਲੈਨਸ ਅਫਸਰ ਵੱਲੋ ਕੇਸਾ ਬਾਰੇ ਡਿਸਕਿਸ ਕੀਤਾ ਅਤੇ ਉਹਨਾ ਵੱਲੋ ਕਿਹਾ ਗਿਆ ਕਿ ਹਰੇਕ ਬਲਾਕ ਵਿੱਚ ਦੇ ਕੇਸਾ ਨੂੰ ਵੱਧ ਤੋ ਵੱਧ ਕੱਢਿਆ ਜਾਵੇ ਅਤੇ ਜੇਕਰ ਕੋਈ ਕੇਸ ਬਲਾਕ ਪੱਧਰ ਤੇ ਨਿਕਲਦਾ ਹੈ ਤਾ ਸਭ ਤੋ ਪਹਿਲਾ ਇਸ ਦੀ ਸੂਚਨਾ ਮੈਨੂੰ ਦਿੱਤੀ ਜਾਵੇ ਅਤੇ ਬਾਅਦ ਵਿੱਚ ਜਿਲ੍ਹਾ ਪੱਧਰ ਤੇ ਸੂਚਿਤ ਕੀਤਾ ਜਾਵੇ । ਸ੍ਰੀ ਅਮਰਦੀਪ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ ਵੱਲੋ ਸਿਹਤ ਵਿਭਾਗ ਨਾਲ ਸਬੰਧ ਚੱਲ ਰਹੇ ਪ੍ਰੋਗਰਾਮ ਅਤੇ ਫੈਮਲੀ ਪਲੈਨਿੰਗ ਦੀਆ ਰਿਪੋਰਟਾ ਸਮੇ ਤੇ ਜਿਲ੍ਹਾ ਹੈਡ ਕੁਆਟਰ ਤੇ ਭੇਜਣ ਵਾਸਤੇ ਕਿਹਾ ਗਿਆ।

## ਨੌਜਵਾਨ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਗੁਰਬਾਣੀ ਨਾਲ ਜੁੜਨ - ਬਾਬਾ ਗੁਰਮੁੱਖ ਸਿੰਘ ਜੀ



**ਚੌਕ ਮਹਿਤਾ, 26 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੰਡ ਖੱਬੇਰਾਜਪੂਤਾਂ ਦੇ ਗੁਰਦੁਆਰਾ ਦਮਦਮਾ ਸਾਹਿਬ ਦੇ ਗ੍ਰੰਥੀ ਬਾਬਾ ਗੁਰਮੁੱਖ ਸਿੰਘ ਜੀ ਅਤੇ ਪ੍ਰਧਾਨ ਭਾਈ ਗੁਰਅੰਮ੍ਰਿਤਪਾਲ ਸਿੰਘ ਜੀ ਵੱਲੋਂ ਸਪੋਰਟਸ ਕਲੱਬ ਦੇ ਨੌਜਵਾਨਾਂ ਨਾਲ ਮਿਲ ਕੇ ਸੜਕ ਕਿਨਾਰੇ ਪੌਦੇ ਲਗਾਏ ਗਏ ਅਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਪੋਰਟਸ ਕਲੱਬ ਪ੍ਰਧਾਨ ਗੁਰਵਿੰਦਰ ਸਿੰਘ ਬੱਲ, ਸਕੱਤਰ ਹਰਵਿੰਦਰ ਸਿੰਘ, ਜੁਗਰਾਜ ਸਿੰਘ, ਸਤਨਾਮ ਸਿੰਘ ਸੱਤਾ, ਜੋਤ ਸੰਧੂ ਅਤੇ ਹੋਰ ਵੀ ਨੌਜਵਾਨ ਹਾਜ਼ਰ ਸਨ।

**ਬਾਗੀ ਹੋਏ ਅਕਾਲੀ ਏਜੰਸੀਆਂ ਦੇ ਇਸ਼ਾਰਿਆਂ 'ਤੇ**

# ਸ਼੍ਰੀ ਅਕਾਲ ਤਖ਼ਤ ਸਾਹਿਬ ਦੀ ਹਸਤੀ ਨੂੰ ਦੇ ਰਹੇ ਹਨ ਚੈਲੇਂਜ : ਸਰਨਾ

ਨਵੀਂ ਦਿੱਲੀ 26 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਅਕਾਲੀ ਦਲ ਤੋਂ ਬਾਗੀ ਚੱਲ ਰਹੇ ਧੜੇ ਦੀ ਸ਼ਿਕਾਇਤ ਉੱਪਰ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ



ਆਵਾਜ਼ਿ ਕੌਮ AWAZE QAUM International Newspaper & WEB TV

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੂੰ ਆਪਣਾ ਸਪੱਸ਼ਟੀਕਰਨ ਦੇਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸੱਦਿਆ ਸੀ । ਜਿਸ ਤੇ ਫੁੱਲ ਚੜ੍ਹਾਉਂਦੇ ਹੋਏ ਉਹ ਇਕ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ ਹੋਏ ।

ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪ੍ਰੈਸ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਪਰ ਬਾਗੀ ਧੜੇ ਨਾਲ ਦੇ ਕੁੱਝ ਆਗੂ ਇਹਨੇ ਕਾਹਲ਼ੇ ਚੱਲ ਰਹੇ ਹਨ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਹਸਤੀ ਤੇ ਮਾਣ ਮਰਿਯਾਦਾ ਦਾ ਖ਼ਿਆਲ ਵੀ ਨਹੀਂ ਕਰ ਰਹੇ । ਸਿੰਘ ਸਾਹਿਬ ਨੇ ਇਹ ਸਪੱਸ਼ਟ ਕੀਤਾ ਹੈ ਕਿ ਸ. ਸੁਖਬੀਰ ਸਿੰਘ ਬਾਦਲ ਦੇ ਸਪੱਸ਼ਟੀਕਰਨ ਵਾਲੀ ਚਿੱਠੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਦੌਰਾਨ ਉਹਨਾਂ ਸਾਰਿਆਂ ਦੀ ਹਾਜ਼ਰੀ 'ਚ ਖੋਲ੍ਹੀ ਜਾਵੇਗੀ । ਫੇਰ ਹੋਰ ਕੋਈ ਵੀ ਕੌਣ ਹੁੰਦਾ ਹੈ ਕਿ ਉਹ ਪੰਜ ਸਿੰਘ ਸਾਹਿਬਾਨ ਤੋਂ ਉੱਪਰ ਦੀ ਹੋ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵ ਉੱਚਤਾ 'ਚ ਦਖਲ ਦੇਵੇ ।

ਪਰ ਅਸਲ ਗੱਲ ਇਹ ਹੈ ਕਿ ਅੱਜ ਏਜੰਸੀਆਂ ਦੇ ਇਸ਼ਾਰਿਆਂ ਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੀ ਹਸਤੀ ਨੂੰ ਚੈਲੇਂਜ ਹੋ ਰਹੇ ਹਨ । ਜਿਸਦਾ ਬਹਾਨਾ ਸ. ਸੁਖਬੀਰ ਸਿੰਘ ਬਾਦਲ ਨੂੰ ਬਣਾਇਆ ਜਾ ਰਿਹਾ ਹੈ ਪਰ ਇਸਦੇ ਪਿੱਛੇ ਜੋ ਮਨਸ਼ਾ ਕੰਮ ਕਰ ਰਹੀ ਹੈ ਉਹ ਇਹੀ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਕਿਸ ਤਰ੍ਹਾਂ ਕਮਜ਼ੋਰ ਕੀਤਾ ਜਾਵੇ ਅਤੇ ਸਿੱਖ ਮਨਾਂ ਵਿਚੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹੱਤਤਾ ਅਤੇ ਮਹਾਨਤਾ ਨੂੰ ਮਨਫੀ ਕੀਤਾ ਜਾਵੇ ਤੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਨੂੰ ਪੱਕੇ ਤੌਰ ਤੇ ਖਤਮ ਕਰਕੇ ਸਿੱਖ ਰਾਜਸ਼ੀ ਤਾਕ.ਤ ਨੂੰ ਸਦਾ ਲਈ ਮੁਕਾਇਆ ਜਾਵੇਂ।

ਜਿਹੜੇ ਅੱਜ ਪੰਥ ਹਿਤੈਸ਼ੀ ਬਣੇ ਫਿਰਦੇ ਹਨ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਬਾਰੇ ਕਿਉ ਜ਼ੁਬਾਨ ਨਹੀ ਖੋਲ ਰਹੇ ? ਅਕਾਲੀ ਸਰਕਾਰ ਵੇਲੇ ਸ਼ੁਰੂ ਹੋਈ ਜਾਂਚ ਨੂੰ ਪਹਿਲਾ ਸੀ.ਬੀ.ਆਈ ਨੂੰ ਸੌਂਪਿਆ ਗਿਆ ਤੇ ਮੁੜਕੇ ਜੋ ਸਿੱਟ ਕੈਪਟਨ ਸਰਕਾਰ ਵੇਲੇ ਕਾਇਮ ਹੋਈ ਜਾਂ ਮੌਜੂਦਾ ਸਰਕਾਰ ਨੇ ਅੱਜ ਤੱਕ ਨਾ ਦੋ.ਸ਼ੀ ਨਸ਼ਰ ਕੀਤੇ ਤੇ ਨਾ ਕਾਰਵਾਈ ਹੋਈ । ਇਸ ਬਾਰੇ ਕੋਈ ਨਹੀ ਬੋਲ ਰਿਹਾ । ਚਾਹੀਦਾ ਤਾਂ ਇਹ ਸੀ ਕੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਦਬ ਸਤਿਕਾਰ ਕਾਇਮ ਰੱਖਣ ਲਈ ਅਤੇ ਬੇਅਦਬੀਆਂ ਰੋਕਣ ਲਈ ਕੋਈ ਸਾਂਝੀ ਰਣਨੀਤੀ ਬਣਦੀ ਪਰ ਇਸਦੇ ਉਲਟ ਇੱਕੋ ਇੱਕੋ ਮਿਸ਼ਨ ਸ. ਸੁਖਬੀਰ ਸਿੰਘ ਬਾਦਲ ਨੂੰ ਲਾਂਭੇ ਕਰਨਾ ਬਣਾਕੇ ਬਾਕੀਆਂ ਸਿੱਖ ਮੁੱਦਿਆਂ ਤੋਂ ਧਿਆਨ ਭਟਕਾਉਣਾ ਇਹ ਏਜੰਸੀਆਂ ਦੀ ਚਾਲ ਹੈ ਤੇ ਸਾਡੇ ਬਹੁਤੇ ਆਗੂ ਜਾਣ ਅਣਜਾਣੇ ਇਸਦਾ ਹਿੱਸਾ ਬਣ ਰਹੇ ਹਨ ।

**ਧੀਆਂ ਬਾਪੂ ਦੇ ਸਿਰ ਦਾ ਤਾਜ ਹੁੰਦੀਆਂ ਘਰ ਵਿੱਚ ਧੀ ਰਾਣੀ ਦੇ ਜਨਮ ਲੈਣ ਤੇ ਟੱਕਰ ਪ੍ਰੀਵਾਰ ਨੇ ਖੁਸ਼ੀ ਮਨਾਈ : ਅਵਤਾਰ ਸਿੰਘ ਟੱਕਰ**

# ਛੋਟੀ ਬੇਟੀ ਨੇ ਧੀ ਰਾਣੀ ਨੂੰ ਆਪਣੀ ਗੋਦ ਵਿੱਚ ਲੈ ਕਿ ਲਾਡ ਲਡਾਇਆ

**ਜੰਡਿਆਲਾ ਗੁਰੂ, 26 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਸੰਸਾਰ ਵਿੱਚ ਜੰਮਦੀਆਂ ਧੀਆਂ ਨੂੰ ਕੁੱਝ ਲੋਕ ਮਾੜਾ ਚੰਗਾ ਬੋਲਦੇ ਹਨ ਪਰ ਧੀਆਂ ਬਾਪੂ ਦੇ ਸਿਰ ਦਾ ਤਾਜ ਹੁੰਦੀਆਂ ਹਨ ਇਹ ਸੱਚ ਵੀ ਹੈ ਅਤੇ ਇਹ ਸ਼ਬਦ ਖਾਸਕਰ ਪੰਜਾਬ ਵਿੱਚ ਬੋਲਿਆ ਜਾਂਦਾ ਹੈ ਅਤੇ ਹਰ ਇਕ ਬੱਚੇ ਵਾਂਗ ਧੀਆਂ ਵੀ ਆਪਣੀ ਕਿਸਮਤ

ਆਵਾਜ਼ਿ ਕੌਮ AWAZE QAUM International Newspaper & WEB TV



ਲਿਖਾ ਕੇ ਸੰਸਾਰ ਵਿੱਚ ਜਨਮ ਲੈ ਕਿ ਆਪਣੀ ਮਾਂ ਬਾਪ ਦੀ ਗੋਦ ਵਿੱਚ ਅੱਖਾਂ ਖੋਲਦੀਆਂ ਹਨ ਅਤੇ ਪੂਰੇ ਪ੍ਰੀਵਾਰ ਲਈ ਖੁਸ਼ੀਆਂ ਲੈ ਕਿ ਪ੍ਰੀਵਾਰ ਕੋਲੋਂ ਆਪਣਾ ਬਣਦਾ ਹੱਕ ਪਿਆਰ ਪ੍ਰਾਪਤ ਕਰਦੀਆਂ ਹਨ ਅਤੇ ਹਰ ਇੱਕ ਰਿਸ਼ਤੇ ਦੀ ਖੁਸਬੂ ਦਾ ਨਿਗ ਮਾਣਦੀਆਂ ਹਨ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਖਾਲਸਾ ਆਟੋ ਰਿਕਸ਼ਾ ਯੂਨੀਅਨ ਦੇ ਸਾਬਕਾ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ ਨੇ ਅੱਗੇ ਕਿਹਾ ਕਿ ਅੱਜ ਜਦੋਂ ਮੇਰੀ ਬੇਟੀ ਦੀ ਕੁੱਖ ਤੋਂ ਬੇਟੀ ਨੇ ਜਨਮ ਲਿਆ ਤਾਂ ਪੂਰੇ ਪ੍ਰੀਵਾਰ ਨੇ ਉਸ ਦੇ ਜਨਮ ਦੀ ਖੁਸ਼ੀ ਮਨਾਈ ਜਿਵੇਂ ਵੱਖ ਵੱਖ ਰਿਸ਼ਤਿਆਂ ਨੂੰ ਧੀ ਰਾਣੀ ਨੇ ਆਪਣੇ ਰਿਸ਼ਤੇ ਨਾਲ ਬੜਾਵਾ ਦਿੱਤਾ ਉਸੇ ਤਰ੍ਹਾਂ ਅੱਜ ਮੈਨੂੰ ਵੀ ਨਾਨਾ ਬਣਨ ਦਾ ਮੌਕਾ ਦਿੱਤਾ ਜਿਸ ਦਾ ਪਤਾ ਚੱਲਦਿਆਂ ਹੀ ਮੇਰੇ ਸੋਸ਼ਲ ਮੀਡੀਆ ਪਲੇਟਫਾਰਮ ਤੇ ਮੇਰੇ ਦੋਸਤਾ ਮਿੱਤਰਾ ਸਾਕ ਸਬੰਧੀਆਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ ਜਿਨ੍ਹਾਂ ਵਧਾਈਆਂ ਦਾ ਜਵਾਬ ਦੇਣ ਲੱਗਿਆਂ ਮੈਨੂੰ ਵੀ ਆਪਣੇ ਰਿਸ਼ਤੇ ਦੀ ਖੁਸਬੂ ਰਾਹੀਂ ਆਪਣੀ ਵਧੀ ਜ਼ਿੰਮੇਵਾਰੀ ਦਾ ਅਹਿਸਾਸ ਹੋਇਆ ਅਤੇ ਮੈਂ ਸਮੂਹ ਸਬੰਧੀਆਂ ਦਾ ਤਹਿਦਿਲੋਂ ਧੰਨਵਾਦ ਕਰਦਾ ਹਾਂ ਅਤੇ ਪ੍ਰਮਾਤਮਾ ਦਾ ਵੀ ਸ਼ੁਕਰਾਨਾ ਕਰਦਾ ਹਾਂ ਜਿਸ ਦੀ ਕਿਰਪਾ ਨਾਲ ਸਾਡੇ ਘਰ ਧੀ ਰਾਣੀ ਨੇ ਜਨਮ ਲਿਆ। ਅਤੇ ਸਾਡੀ ਛੋਟੀ ਬੇਟੀ ਨੇ ਧੀ ਰਾਣੀ ਨੂੰ ਗੋਦ ਵਿੱਚ ਲੈ ਕਿ ਲਾਡ ਲਡਾ ਕੇ ਖੁਸ਼ੀ ਦਾ ਇਜ਼ਹਾਰ ਕੀਤਾ।

**ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸੰਗਰੂਰ ਵਾਸੀਆਂ ਨੂੰ ਦਿੱਤੀ ਵੱਡੀ ਸੌਗਾਤ, 16 ਲੱਖ ਦੀ ਅਤਿ-ਆਧੁਨਿਕ ਮਸ਼ੀਨ ਨਾਲ ਹੁਣ ਹੋਵੇਗੀ ਸੜਕਾਂ ਦੀ ਸਫ਼ਾਈ**

# ਅਵਾਰਾ ਪਸ਼ੂਧਨ ਦੀ ਸਮੱਸਿਆ ਦੇ ਹੱਲ ਲਈ ਕੈਟਲ ਕੈਚਰ ਤੇ ਨਵਾਂ ਟਰੈਕਟਰ ਵੀ ਨਗਰ ਕੌਸਲ ਸੰਗਰੂਰ ਨੂੰ ਦਿੱਤਾ: ਵਿਧਾਇਕ ਭਰਾਜ

ਸੰਗਰੂਰ ( ਰਣਜੀਤ ਸਿੰਘ ਪੇਧਨੀ )ਹਲਕਾ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਸ਼ਹਿਰ ਦੀ ਸਾਫ-ਸਫ਼ਾਈ ਲਈ ਸਥਾਨਕ ਨਗਰ ਕੌਂਸਲ ਨੂੰ ਵੱਡੀਆਂ ਸੌਗਾਤਾਂ ਸਪੁਰਦ ਕੀਤੀਆਂ । ਇਸ ਮੌਕੇ ਵਿਧਾਇਕ ਭਰਾਜ ਨੇ ਨਗਰ ਕੌਂਸਲ ਨੂੰ 16 ਲੱਖ ਰੁਪਏ ਦੀ ਲਾਗਤ ਨਾਲ ਸੜਕਾਂ ਦੀ ਸਫ਼ਾਈ ਲਈ ਅਤਿ-ਆਧੁਨਿਕ ਮਸ਼ੀਨ, 7 ਲੱਖ ਰੁਪਏ ਦੀ ਲਾਗਤ ਨਾਲ ਨਵਾਂ ਟਰੈਕਟਰ ਅਤੇ ਆਵਾਰਾ ਪਸ਼ੂਧਨ ਫੜਨ ਲਈ 19 ਲੱਖ ਰੁਪਏ ਦੀ ਲਾਗਤ ਨਾਲ ਕੈਟਲ ਕੈਚਰ ਨਗਰ ਕੌਂਸਲ ਦੇ ਅਧਿਕਾਰੀਆਂ ਦੇ ਹਵਾਲੇ ਕੀਤਾ। ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਸ਼ਹਿਰ ਦੀ ਸਫਾਈ ਵਿਵਸਥਾ ਨੂੰ ਹੋਰ ਵਧੀਆ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਗਰ ਕੌਂਸਲ ਨੂੰ ਸਵੈ-ਚੱਲਿਤ ਆਧੁਨਿਕ ਵੈਕਿਊਮ ਮਸ਼ੀਨ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਇਸ ਮਸ਼ੀਨ ਨਾਲ ਸਫ਼ਾਈ ਦਾ ਕੰਮ ਹੋਰ ਸੁਚਾਰੂ ਢੰਗ ਨਾਲ ਕਰਵਾਉਣ ਵਿੱਚ ਮਦਦ ਮਿਲੇਗੀ ਅਤੇ ਸਫ਼ਾਈ ਵਰਕਰਾਂ ਉੱਪਰ ਵੀ ਕੰਮ ਦਾ ਬੋਝ ਘਟੇਗਾ। ਵਿਧਾਇਕ ਭਰਾਜ ਨੇ ਕਿਹਾ ਕਿ ਸਫ਼ਾਈ ਦੇ ਨਾਲ-ਨਾਲ ਸੜਕਾਂ 'ਤੇ ਘੁੰਮਦੇ ਅਵਾਰਾ ਪਸ਼ੂਆਂ ਨੂੰ ਕਾਬੂ ਕਰਨ ਲਈ ਵੀ ਆਧੁਨਿਕ ਮਸ਼ੀਨ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਸੜਕਾਂ 'ਤੇ ਅਵਾਰਾ ਘੁੰਮਣ ਵਾਲੇ ਪਸ਼ੂਆਂ ਨੂੰ ਫੜਨ ਲਈ 19 ਲੱਖ ਰੁਪਏ ਦੀ ਇਸ ਮਸ਼ੀਨ ਦੇ ਨਾਲ ਨਾਲ ਨਵਾਂ ਟਰੈਕਟਰ ਵੀ ਨਗਰ ਕੌਂਸਲ ਨੂੰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਵਾਰਾ ਪਸ਼ੂਆਂ ਕਾਰਨ ਕਈ ਵਾਰ ਵੱਡੇ ਹਾਦਸੇ ਵਾਪਰਦੇ ਸਨ ਜਿਨ੍ਹਾਂ ਤੋਂ ਹੁਣ ਰਾਹਤ ਮਿਲੇਗੀ। ਵਿਧਾਇਕ ਨੇ ਕਿਹਾ ਕਿ ਸ਼ਹਿਰ ਦੇ ਲੋਕਾਂ ਨੂੰ ਆ ਰਹੀਆਂ ਸੀਵਰੇਜ ਦੀਆਂ ਦਿੱਕਤਾਂ ਦਾ ਵੀ ਜਲਦ ਨਿਪਟਾਰਾ ਕਰਨ ਲਈ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸੀਵਰੇਜ਼ ਦੇ ਪਾਣੀ ਦੇ ਸਹੀ ਨਿਕਾਸ ਲਈ ਸ਼ਹਿਰ ਦੇ ਬਾਹਰ ਦੋ ਐਸ.ਟੀ.ਪੀਜ਼. ਦੇ ਨਿਰਮਾਣ ਦੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਦੂਸਰੇ ਦੀ ਜਲਦੀ ਹੀ ਕੀਤੀ ਜਾਵੇਗੀ ਸ਼ੁਰੂਆਤ। ਉਨ੍ਹਾਂ ਕਿਹਾ ਕਿ ਸੀਵਰੇਜ ਟਰੀਟਮੈਂਟ ਪਲਾਂਟ ਤਿਆਰ ਹੋਣ ਤੋਂ ਬਾਅਦ ਸ਼ਹਿਰ ਵਿੱਚ ਸੀਵਰੇਜ ਓਵਰਫਲੋ ਦੀ ਸਮੱਸਿਆ ਤੋਂ ਵੀ ਨਿਜਾਤ ਮਿਲੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ. ਸੰਗਰੂਰ ਚਰਨਜੋਤ ਸਿੰਘ ਵਾਲੀਆ, ਹਰਮਨਦੀਪ ਕੌਰ ਸੰਗਰੂਰ ਵੀ ਹਾਜ਼ਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

# ਟ ਪੀਟਰ ਸਕੂਲ ਵਿਖੇ ਯੁਵਕ ਸੇਵਾਵਾਂ ਕਲੱਬ ਵੱਲੋਂ ਵਣ ਮਹਾਂ ਉਤਸਵ ਮਨਾਇਆ, ਪ੍ਰਧਾਨ ਮੱਟੂ ਨੇ 200 ਦੇ ਕਰੀਬ ਬੂਟੇ ਵੰਡੇ



**ਚੌਕ ਮਹਿਤਾ, 26 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਅਤੇ ਜਿਲ੍ਹਾ ਯੁਵਕ ਸੇਵਾਵਾਂ ਵਿਭਾਗ ਦੇ ਨਿਰਦੇਸ਼ਾਂ ਅਨੁਸਾਰ ਯੁਵਕ ਸੇਵਾਵਾਂ ਕਲੱਬ,ਕੋਟ ਖਾਲਸਾ ਅੰਮ੍ਰਿਤਸਰ ਵੱਲੋਂ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਦੀ ਯੋਗ ਅਗਵਾਈ ਹੇਠ ਸੇਂਟ ਪੀਟਰ ਕੌਂਨਵੈਂਟ ਹਾਈ ਸਕੂਲ, ਨਰੈਣਗੜ ਅੰਮ੍ਰਿਤਸਰ ਵਿਖੇ ਵਣ ਮਹਾਂ ਉਤਸਵ ਮਨਾਇਆ ਗਿਆ, ਜਿਸ ਵਿਚ 200 ਦੇ ਕਰੀਬ ਵੱਖ-ਵੱਖ ਕਿਸਮਾਂ ਦੇ ਬੂਟੇ ਅਧਿਆਪਕਾ ਅਤੇ ਵਿਦਿਆਰਥੀਆਂ ਨੂੰ ਵੰਡੇ ਗਏ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾਕਟਰ ਪੂਜਾ ਪ੍ਰਭਾਕਰ ਨੇ ਕਿਹਾ ਕਿ ਵਧਦੇ ਤਾਪਮਾਨ ਅਤੇ ਪ੍ਰਦੂਸ਼ਣ ਨੂੰ ਘਟਾਉਣ ਲਈ ਹਰ ਇੱਕ ਮਨੁੱਖ ਨੂੰ ਆਪਣੀ ਜ਼ਿਮੇਵਾਰੀ ਸਮਝਦੇ ਹੋਏ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ, ਇਸੇ ਸੋਚ ਨੂੰ ਲੈ ਕੇ ਚੱਲ ਰਹੇ ਵਾਤਾਵਰਨ ਪ੍ਰੇਮੀ ਅਤੇ ਯੁਵਕ ਸੇਵਾਵਾਂ ਕਲੱਬ,ਕੋਟ ਖਾਲਸਾ ਅੰਮ੍ਰਿਤਸਰ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਵੱਲੋਂ ਵੱਖ-ਵੱਖ ਸਕੂਲਾਂ ਵਿੱਚ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ 9 ਇਹ ਸੰਸਥਾ ਖੇਡਾਂ ਅਤੇ ਸਮਾਜ ਭਲਾਈ ਦੇ ਕੰਮਾਂ ਦੀ ਬੇਹਤਰੀ ਵਾਸਤੇ ਕੰਮ ਕਰ ਰਹੀ ਹੈ 9 ਜਿਨਾਂ ਦੇ ਵਿੱਚ ਅੱਜ ਪਰਿਆਵਰਨ ਨੂੰ ਸ਼ੁੱਧ ਰੱਖਣ ਦੇ ਲਈ ਬੂਟੇ ਵੰਡੇ ਜਾ ਰਹੇ ਹਨ। ਇਹ ਇਨ੍ਹਾਂ ਸਾਰੇ ਸਕੂਲ ਮੁਖੀਆਂ ਅਧਿਆਪਕਾ ਅਤੇ ਵਿਦਿਆਰਥੀਆ ਦੀ ਨੈਤਿਕ ਜਿੰਮੇਵਾਰੀ ਹੈ ਕੋਈ ਵੀ ਬੂਟਾ ਖਰਾਬ ਨਹੀ ਹੋਣਾ ਚਾਹੀਦਾ ਇਨ੍ਹਾਂ ਦਾ ਧਿਆਨ ਰੱਖਣਾ ਸਭ ਦੀ ਜਿੰਮੇਵਾਰੀ ਹੋਣੀ ਚਾਹੀਦੀ ਹੈ। ਆਖਿਰ ਵਿੱਚ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਅਧਿਆਪਕਾ ਅਤੇ ਵਿਦਿਆਰਥੀਆਂ ਨੂੰ ਆਪਣੇ ਮੋਟੀਵੇਸ਼ਨਲ ਭਾਸ਼ਣ ਦਿੰਦਿਆ ਕਿਹਾ ਪੰਜਾਬ ਦਾ ਵਾਤਾਵਰਨ ਬੜੀ ਤੇਜ਼ੀ ਨਾਲ 'ਪ੍ਰਦੂਸ਼ਿਤ ਹੋ ਰਿਹਾ ਹੈ। ਇਸ ਦੇ ਬਹੁਤ ਸਾਰੇ ਕਾਰਨ ਹਨ ਪਰ ਇਕ ਮੁੱਖ ਕਾਰਨ ਪੰਜਾਬ ਵਿਚ ਘਟ ਰਹੀ ਰੁੱਖਾਂ ਦੀ ਗਿਣਤੀ ਹੈ। ਪੰਜਾਬ ਤੇ ਪੰਜਾਬੀਆਂ ਨੂੰ ਆਪਣੇ ਰੁੱਖਾ ਉੱਤੇ ਮਾਣ ਸੀ। ਰੁੱਖ ਤਾਂ ਉੱਥੇ ਹੀ ਹੁੰਦੇ ਹਨ ਜਿੱਥੇ ਪਾਣੀ ਹੋਵੇ। ਪੰਜਾਬ ਨੂੰ ਤਾਂ ਪਾਣੀਆ ਦਾ ਸੂਬਾ ਆਖਿਆ ਜਾਦਾ ਹੈ। ਇਸ ਕਰਕੇ ਇਥੇ ਰੁੱਖ ਹੀ ਰੁੱਖ ਨਜ਼ਰ ਆਉਂਦੇ ਸਨ। ਪੰਜਾਬ ਨੂੰ ਪੀਰਾਂ, ਭਗਤਾ ਤੇ ਗੁਰੂ ਸਾਹਿਬਾਨ ਦੀ ਧਰਤੀ ਆਖਿਆ ਜਾਂਦਾ ਹੈ। ਇੱਥੇ ਦੇ ਦਰਿਆਵਾ ਕੰਢੇ ਰੁੱਖਾ ਹੇਠ ਬੈਠ ਕੇ ਮਹਾਪੁਰਖ ਨੇ ਭਗਤੀ ਕੀਤੀ ਤੇ ਆਪਣਾ ਸੁਨੇਹਾ ਦਿੱਤਾ। ਖਡੂਰ ਸਾਹਿਬ ਵਾਲੇ ਬਾਬਾ ਸੇਵਾ ਸਿੰਘ ਨੇ ਖਡੂਰ ਸਾਹਿਬ ਨੂੰ ਜਾਂਦੀਆ ਸਾਰੀਆਂ ਸੜਕਾ ਨੂੰ ਰੁੱਖਾ ਨਾਲ ਸ਼ਿੰਗਾਰ ਦਿੱਤਾ ਹੈ। ਕਿਸਾਨਾਂ ਨੂੰ ਆਪਣੇ ਬੰਬੀ ਜਾਂ ਖੇਤ ਦੇ ਬੰਨਿਆ ਉਤੇ ਘੱਟੋ-ਘੱਟ ਪੰਜ ਪੌਦੇ ਜ਼ਰੂਰ ਲਗਾਉਣੇ ਚਾਹੀਦੇ ਹਨ ਅਤੇ ਪੰਜਾਬ ਦੇ ਸਾਰੇ ਸੰਤਾਂ ਮਹਾਂ-ਪੁਰਖਾ ਨੂੰ ਚਾਹੀਦਾ ਹੈ ਕਿ ਉਹ ਵੀ ਆਪਣਾ ਯੋਗਦਾਨ ਪਾਉਣ ਇਹ ਦੋ ਮਹੀਨੇ ਸੰਗਤ ਨੂੰ ਬੂਟਿਆ ਦਾ ਪ੍ਰਸ਼ਾਦ ਦਿੱਤਾ ਜਾਵੇ ਅਤੇ ਸੰਗਤ ਨੂੰ ਇਨ੍ਹਾਂ ਬੂਟਿਆਂ ਦੀ ਬੱਚਿਆਂ ਵਾਂਗ ਦੇਖ-ਭਾਲ ਕਰਨ ਦਾ ਆਦੇਸ਼ ਦੇਣ ਅਤੇ ਸਮੇਂ-ਸਮੇਂ ਸਿਰ ਪਿੰਡਾਂ ਵਿੱਚ ਜਾ ਕੇ ਇਸ ਮੁਹਿੰਮ ਦੀ ਅਗਵਾਈ ਕਰਨ, ਪੌਦੇ ਲਗਾਉਣਾ ਵਿਖਾਵਾ ਨਹੀ ਬਣਨਾ ਚਾਹੀਦਾ ਸਗੋਂ ਪੂਰੀ ਯੋਜਨਾ ਅਨੁਸਾਰ ਉਨ੍ਹਾਂ ਦੀ ਚੋਣ ਕਰ ਕੇ ਸਹੀ ਢੰਗ ਨਾਲ ਲਗਾਇਆ ਜਾਵੇ ਅਤੇ ਮੁੜ ਬੱਚਿਆਂ ਵਾਂਗ ਉਨ੍ਹਾਂ ਦੀ ਸੰਭਾਲ ਜ਼ਰੂਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰੀ ਬਜਟ ਪੰਜਾਬ ਦੇ ਆਰਥਿਕ ਵਸੀਲਿਆਂ ਦਾ ਵਿਰੋਧੀ ਬਜਟ : ਪ੍ਰੋਫੈਸਰ ਓਂਕਾਰ ਸਿੰਘ ਸਿੱਧੂ

ਧੂਰੀ ( ਰਣਜੀਤ ਸਿੰਘ ਪੇਧਨੀ ) ਕੇਂਦਰੀ ਵਿੱਤ ਮੰਤਰੀ ਨਿਰਮਲਾ ' ਸੀਤਾਰਮਨ ਵੱਲੋਂ ਪੇਸ਼ ਬਜਟ ਚ ਪੰਜਾਬ ਦੇ ਲੋਕਾਂ ਨੂੰ ਦੁਰਨਿਕਾਰ ਕਰਦਾ ਹੈ। ਦੇਸ਼ ਭਰ ਦਾ ਢਿੱਡ ਭਰਨ ਵਾਲੇ ਖੇਤੀਬਾੜੀ ਨਿਰਤਰ ਪੰਜਾਬ ਨੂੰ ਵਿੱਤੀ ਪੈਕੇਜ ਦੇਣ ਤੋਂ ਕੇਂਦਰ ਸਰਕਾਰ ਨੇ ਸਾਫ਼ ਕਿਨਾਰਾ ਕਰਕੇ ਪੂੰਜੀਪਤੀਆਂ ਦੇ ਹਿੱਤ ਪੂਰੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਓ,ਐਸ,ਡੀ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਨੇ ਕੀਤਾ । ਉਨ੍ਹਾਂ ਕਿਹਾ ਕਿ ਜਿੱਥੇ ਪਹਿਲਾਂ ਸਮੇਂ-ਸਮੇਂ 'ਤੇ ਪੰਜਾਬ ਨੂੰ ਪਛਾੜਣ ਦੇ ਅਨੇਕਾ ਤਰੀਕੇ ਵਰਤਕੇ ਖੇਤੀ ਵਿਹੂਣਾ ਕਰਨ ਦੇ ਢੰਗ ਰਚੇ ਜਾਂਦੇ ਰਹੇ ਹਨ, ਉਥੇ ਹੀ ਖੇਤੀ ਦੀ ਪੁਨਰ ਸੁਰਜੀਤੀ ਜਿਹੀਆਂ ਅਤੀ ਜ਼ਰੂਰੀ ਲੋੜਾ ਐੱਮਐੱਸਪੀ, ਆਫਤ ਪ੍ਰਬੰਧਨ, ਫਸਲੀ ਵਿਭਿੰਨਤਾ, ਉਦਯੋਗ, ਖੇਤੀ ਕਰਜ਼ ਤੇ ਖੁਦਕੁਸ਼ੀ ਮਸਲੇ, ਡੇਅਰੀ ਫਾਰਮਿੰਗ ਵੈਟਨਰੀ ਹਸਪਤਾਲ, ਡਾਕਟਰ ਅਣਗੌਲਿਆਂ ਕਰਕੇ ਕੋਈ ਗਰਾਂਟ ਨਾ ਦੇਣਾ ਸਪੱਸ਼ਟ ਕਰਦਾ ਹੈ ਕਿ ਕੇਂਦਰ ਸਰਕਾਰ ਸਿਰਫ ਆਪਣੇ ਚਹੇਤੇ ਕਾਰਪੋਰੇਟ ਦਾ ਵਿਕਾਸ ਲੋਚਦੀ ਹੈ। ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਮੱਧ ਵਰਗ ਮੁਲਾਜ਼ਮ, ਛੋਟੇ ਕਾਰੋਬਾਰੀਆਂ, ਕਿਸਾਨਾਂ, ਮਜ਼ਦੂਰਾਂ ਲਈ ਬਜਟ ਆਰਥਿਕ ਖਾਦੀ ਹੋਰ ਡੂੰਘੀ ਕਰਦਾ ਹੈ ਜੋ ਕਿਸੇ ਵੀ ਪੱਖੋਂ ਆਮ ਵਰਗ ਦੇ ਹਿੱਤ ਵਿੱਚ ਨਹੀਂ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੋਕ ਕੇਂਦਰ ਸਰਕਾਰ ਦੇ ਇਸ ਕਾਰਪੋਰੇਟ ਪੱਖੀ ਹੇਜ ਨੂੰ ਸਮਝਦਿਆਂ ਚੇਤਨ ਹੁੰਦੇ ਹੋਏ ਸੰਘਰਸ਼ਾਂ 'ਤੇ ਟੇਕ ਰੱਖਣ ਲਈ ਤਿਆਰ ਰਹਿਣ।

ਆਵਾਜ਼ਿ ਕੌਮ AWAZE QAUM International Newspaper & WEB TV



# ਕੇਂਦਰੀ ਬਜਟ ਨੇ ਮੁਲਾਜ਼ਮ ਵਰਗ ਨੂੰ ਕੀਤਾ ਨਿਰਾਸ਼ : ਬਾਸਵੀਰ ਸਿੰਘ ਭੁੱਲਰ ਰਾਜੋਮਾਜਰਾ

ਧੂਰੀ ( ਰਣਜੀਤ ਸਿੰਘ ਪੇਧਨੀ ) ਮੋਦੀ ਸਰਕਾਰ ਦੇ ਤੀਸਰੇ ਕਾਰਜਕਾਲ ਦੇ ਪਹਿਲਾ ਬਜਟ ਮੁਲਾਜ਼ਮ ਵਿਰੋਧੀ ਬਜਟ ਹੈ, ਇਸ ਬਜ਼ਟ ਵਿੱਚ ਮੁਲਾਜ਼ਮ ਵਰਗ ਦੇ ਪੱਲੇ ਨਿਰਾਸ਼ਾ ਹੀ ਪਈ ਹੈ ਕਿਉਂਕਿ ਪੁਰਾਣੀ ਪੈਨਸ਼ਨ ਬਹਾਲੀ ਨੂੰ ਲੈ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋ ਆਪਣਾ 7 ਵਾਂ ਬਜ਼ਟ ਪੇਸ਼ ਕਰਦਿਆਂ ਮੁਲਾਜ਼ਮ ਵਰਗ ਦੀ ਮੁੱਖ ਮੰਗ ਪੁਰਾਣੀ ਪੈਨਸ਼ਨ ਬਹਾਲੀ

ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਪੂਰੀ ਤਰ੍ਹਾਂ ਅਣਗੌਲਿਆਂ ਕੀਤਾ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਮੁਲਾਜ਼ਮ ਵਿੰਗ ਪੰਜਾਬ ਦੇ ਪ੍ਰਧਾਨ ਬਾਸਵੀਰ ਸਿੰਘ ਭੁੱਲਰ ਰਾਜੋਮਾਜਰਾ ਨੇ ਕੀਤਾ । ਉਨ੍ਹਾਂ ਕਿਹਾ ਕਿ



ਜਿਸ ਨਾਲ ਸਮੁੱਚੇ ਮੁਲਾਜ਼ਮ ਵਰਗ ਵਿੱਚ ਸਰਕਾਰ ਪ੍ਰਤੀ ਕਾਫ਼ੀ ਨਿਰਾਸ਼ਾ ਪਾਈ ਜਾ ਰਹੀ ਹੈ। ਪ੍ਰਧਾਨ ਢਿੱਲੋਂ ਨੇ ਕਿਹਾ ਕਿ ਸਰਕਾਰ ਵੱਲੋਂ ਇਸ ਬਜ਼ਟ ਵਿੱਚ ਬੱਚਤਾਂ ਨੂੰ ਉਤਸ਼ਾਹਿਤ ਨਹੀਂ ਕੀਤਾ ਗਿਆ ਸਿਰਫ਼ ਸਟੈਂਡਰਡ ਕਟੌਤੀ ਵਿੱਚ 25000 ਦਾ ਵਾਧਾ ਕੀਤਾ ਹੈ ਅਤੇ ਨਾ ਹੀ ਆਮਦਨ ਕਰ ਵਿੱਚ ਕੋਈ ਵੱਡੀ ਤਬਦੀਲੀ ਕੀਤੀ ਗਈ ਹੈ । ਉਨਾ ਕਿਹਾ ਕਿ ਸਰਕਾਰ ਮੁਲਾਜ਼ਮ ਵਰਗ ਨੂੰ ਅਣਗੌਲਿਆਂ ਨਾ ਕਰੇ ਅਤੇ ਜਲਦ ਪੁਰਾਣੀ ਪੈਨਸ਼ਨ ਬਹਾਲੀ ਨੂੰ ਬਹਾਲ ਕਰੇ ਨਹੀਂ ਤਾਂ ਸਮੁੱਚਾ ਮੁਲਾਜ਼ਮ ਵਰਗ ਸੰਘਰਸ਼ ਦੇ ਰਾਹ ਪੈਣ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ । ਉਨ੍ਹਾਂ ਕਿਹਾ ਕਿ ਸਰਕਾਰ ਮੁਲਾਜ਼ਮ ਵਰਗ ਦੀ ਮੁੱਖ ਮੰਗ ਪੁਰਾਣੀ ਪੈਨਸ਼ਨ ਬਹਾਲੀ ਸਬੰਧੀ ਜਲਦ ਫ਼ੈਸਲਾ ਲਵੇ ਤਾਂ ਜੋ ਮੁਲਾਜ਼ਮ ਵਰਗ ਵਿੱਚ ਫ਼ੈਲੀ ਨਿਰਾਸ਼ਾ ਦੂਰ ਹੋ ਸਕੇ।

# ਲੈਸਟਰ ਸਿਟੀ ਫੁੱਟਬਾਲ ਕਲੱਬ ਦੇ ਸਾਬਕਾ ਕੈਪਟਨ ਸਟੀਵ ਵਾਲਸ਼ ਨੇ

# ਗੁਰਦਵਾਰਾ ਸਾਹਿਬ ਵਿਖੇ ਐਫ. ਸੀ. ਖਾਲਸਾ ਲੈਸਟਰ ਜੀ. ਏ. ਡੀ. ਨੂੰ ਟਰਾਫ਼ੀਆਂ ਪੇਸ਼ ਕੀਤੀਆਂ

















**ਲੈਸਟਰ, 26 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦੁਨੀਆ ਵਿਚੋਂ ਮਸ਼ਹੂਰ ਪ੍ਰੀਮੀਅਰ ਲੀਗ ਦੀ ਟੀਮ ਲੈਸਟਰ ਸਿਟੀ ਫੁੱਟਬਾਲ ਕਲੱਬ ਦੇ ਸਾਬਕਾ ਕੈਪਟਨ ਸਟੀਵ ਵਾਲਸ਼ ਨੇ ਗੁਰੂ ਅਮਰ ਦਾਸ ਗੁਰਦਵਾਰਾ ਸਾਹਿਬ ਐਤਵਾਰ 14 ਜੁਲਾਈ ਨੂੰ ਆ ਕੇ ਐਫ.ਸੀ.ਖਾਲਸਾ ਲੈਸਟਰ ਜੀ.ਏ.ਡੀ. ਦੇ ਯੂਥ ਅਕੈਡਮੀ, ਅਤੇ ਇਸ ਸਾਲ ਦੀਆਂ ਗਰਮੀਆਂ ਵਿੱਚ ਹੋਈਆਂ ਫੁੱਟਬਾਲ ਟੂਰਨਾਮੈਂਟਾ ਵਿੱਚ ਜੇਤੂ ਰਹੀਆਂ ਅੰਡਰ 9, ਅੰਡਰ 11, ਅੰਡਰ 13 ਟੀਮਾ ਦੇ ਖਿਡਾਰੀਆਂ ਅਤੇ ਉਨ੍ਹਾ ਦੇ ਮਨੇਜਰਾਂ ਨੂੰ ਸ਼ਾਨਦਾਰ ਟਰੋਫੀਆਂ ਪੇਸ਼ ਕੀਤੀਆਂ।

ਲਖਵੀਰ ਸਿੰਘ 'ਲਾਲੀ' ਜੀ ਨੇ ਸਟੇਜ ਤੋਂ ਬੋਲਦਿਆਂ ਦੱਸਿਆ ਕਿ ਇਹ ਕਲੱਬ 1979 ਵਿੱਚ 6 ਦੋਸਤ ਮਿੱਤਰਾਂ ਨੇ ਅਰੰਭ ਕੀਤਾ ਸੀ , ਲੰਮੇ ਸਮੇ ਤੋਂ ਐਫ.ਏ. ਚਾਰਟਰਟਿੱਡ ਸਟੈਂਡਰਡ ਕਲੱਬ ਮੰਨਿਆ ਜਾਂਦਾ ਹੈ ਅਤੇ ਇਸ ਸਮੇ ਲੈਸਟਰਸ਼ਾਇਰ ਸੀਨੀਅਰ ਲੀਗ ਵਿੱਚ ਖੇਡਦੇ ਹਨ। ਉਨ੍ਹਾ ਨੇ ਇਹ ਵੀ ਦੱਸਿਆ ਕਿ ਕਲੱਬ ਦੀ ਜੱਜਮੈਡਿਓ ਕੌਮੁਨਿਟੀ ਕੌਲਜ ਵਿਖੇ ਨਵੀ ਖੋਲੀ ਖਾਲਸਾ ਯੂਥ ਅਕੈਡਮੀ ਬਹੁੱਤ ਵੱਡਾ ਕਾਰਨ ਸੀ ਕਿ ਕਲੱਬ ਦੀ ਅੰਡਰ 9 ਟੀਮ ਨੇ 4 ਵਿਚੌਂ 2 ਟੂਰਨਾਮੈਂਟਾ ਜਿੱਤੀਆਂ, ਇੱਕ ਵਿੱਚ ਫਾਈਨਲ ਖੇਡੇ ਅਤੇ ਇੱਕ ਵਿੱਚ ਸੈਮੀ ਫਾਈਨਲ ਖੇਡੇ, ਅੰਡਰ 13 ਨੇ 23 ਜੂਨ ਨੂੰ ਲੈਸਟਰ ਦੀ ਟੂਰਨਾਮੈਂਟ ਜਿੱਤੀ ਅਤੇ ਅੰਡਰ 11 ਨੇ ਡਰਬੀ ਦੀ ਟੂਰਨਾਮੈਂਟ 7 ਜੁਲਾਈ ਨੂੰ ਜਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਅਮਰ ਦਾਸ ਗੁਰਦਵਾਰਾ ਸਾਹਿਬ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਸੰਘਾ ਜੀ ਨੇ ਖਿਡਾਰੀਆਂ ਦੇ ਮਾਪਿਆਂ, ਰਿਸ਼ਤੇਦਾਰਾਂ, ਸਿਹਯੋਗੀਆਂ, ਪ੍ਰਬੰਧਕਾਂ ਅਤੇ ਸਮੂਹ ਖਿਡਾਰੀਆਂ ਨੂੰ ਇਸ ਸਾਲ ਦੀਆ ਫੁੱਟਬਾਲ ਟੂਰਨਾਮੈਂਟਾ ਵਿੱਚ ਬਹੁੱਤ ਵਧੀਆ ਖੇਡ ਕੇ ਜਿੱਤ ਪ੍ਰਾਪਤ ਕਰਨ ਦੀਆਂ ਵਧਾਈਆਂ ਦਿੱਤੀਆਂ ਅਤੇ ਦੱਸਿਆ ਕਿ ਇਹ ਵੀ ਬਹੁੱਤ ਖੁਸ਼ੀ ਦੀ ਗੱਲ ਹੈ ਕਿ ਕਲੱਬ ਨੇ ਆਪਣੀ ਅੰਡਰ 8 ਦੀ ਟੀਮ ਲੀਗ ਵਿੱਚ ਖੇਡਣ ਲਈ ਪਾਉਣੀ ਹੈ। ਅਸੀਂ ਕਲੱਬ ਨੂੰ ਸਿਹਯੋਗ ਦਿੰਦੇ ਆਏ ਹਾਂ ਅਤੇ ਅਗਾਂਹ ਤੋਂ ਵੀ ਦੇਵਾਂਗੇ।

ਲੈਸਟਰ ਸਿਟੀ ਦੇ ਸਾਬਕਾ ਕੈਪਟਨ ਸਟੀਵ ਵਾਲਸ਼, ਜਿਸਨੇ ਆਪਣੇ ਖੇਡਣ ਸਮੇ ਅਨੇਕਾਂ ਯਾਦਗਰ ਗੋਲ ਕੀਤੇ ਸਨ, ਖਾਲਸਾ ਯੂਥ ਅਕੈਡਮੀ, ਅੰਡਰ 9, ਅੰਡਰ 11, ਅੰਡਰ 13 ਟੀਮਾ ਦੇ ਖਿਡਾਰੀਆਂ ਨੂੰ ਮਡੈਲੀਅਨ ਅਤੇ ਟੀਮਾਂ ਦੇ ਮਨੇਜਰਾਂ ਨੂੰ ਸ਼ਾਨਦਾਰ ਟਰੋਫੀਆਂ ਪੇਸ਼ ਕੀਤੀਆਂ।

ਆਖੀਰ ਵਿੱਚ ਐਫ. ਸੀ. ਖਾਲਸਾ ਲੈਸਟਰ ਜੀ.ਏ.ਡੀ. ਦੇ ਖਿਡਾਰੀਆਂ ਅਤੇ ਟੀਮਾਂ ਦੇ ਮਨੇਜਰਾਂ ਨੇ ਗੁਰੂ ਕੀ ਪਿਆਰੀ ਸਾਧ ਸੰਗਤ ਜੀ ਨੂੰ ਕੀਰਤਨ ਨਾਲ ਨਿਹਾਲ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸਰਕਾਰਾਂ ਦਾ ਸੀਨੀਅਰ ਸਿਟੀਜਨ ਨਾਲ ਵਿਤਕਰਾ ਕਿਉਂ



**ਫ਼ਿਰੋਜ਼ਪੁਰ, 26 ਜੁਲਾਈ (ਮਨੋਹਰ ਲਾਲ)** :— ਭਾਵੇਂ ਕੋਈ ਨਵੀਂ ਗੱਲ ਨਹੀਂ ਪਰ ਫਿਰ ਵੀ ਇਹ ਗੱਲ ਚੰਗੀ ਵੀ ਨਹੀਂ ਕਿ ਸਰਕਾਰਾਂ ਇੱਕ ਪਾਸੇ ਤਾਂ ਵੱਖ—ਵੱਖ ਤਰ੍ਹਾਂ ਦੀਆਂ ਕਾਨੂੰਨ ਵਿਚ ਵੱਖ—ਵੱਖ ਤਰ੍ਹਾਂ ਦੀਆਂ ਸੋਧਾ ਕਰਕੇ ਸੀਨੀਅਰ ਸਿਟੀਜਨ ਨੂੰ ਮਾਨ ਸਨਮਾਨ ਦੇਣ ਦੀਆਂ ਗੱਲਾਂ ਕਰਦੀਆਂ ਨੇ ਤੇ ਦੂਜੇ ਪਾਸੇ ਉਹੀ ਸਰਕਾਰਾਂ ਸੀਨੀਅਰ ਸਿਟੀਜਨ ਨੂੰ ਦਿੱਤੇ ਹੋਏ ਲਾਭ ਵੀ ਵਾਪਸ ਖਿੱਚਦੀਆਂ ਵੇਖੀਆਂ ਗਈਆਂ ਨੇ। ਇਹ ਵਿਚਾਰ ਸਾਂਝੇ ਕਰਦਿਆਂ ਪੀਡੀ ਸ਼ਰਮਾ ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ ਰਜਿਸਟਰ ਫਿਰੋਜਪੁਰ ਪੰਜਾਬ ਨੇ ਕਿਹਾ ਕਿ ਇਹ ਦੋਹਰਾ ਵਰਤਾਰਾ ਸੀਨੀਅਰ ਸਿਟੀਜਨ ਨਾਲ ਕਿਉਂ ਕੀਤਾ ਜਾਂਦਾ ਹੈ ਜੇ ਆਪਾਂ ਇਸੇ ਬੀ.ਜੇ.ਪੀ ਸਰਕਾਰ ਦੇ ਬਜਟ ਦੀ ਗੱਲ ਕਰੀਏ ਤਾਂ ਸਾਡੇ ਮਾਨਯੋਗ ਖਜ਼ਾਨਾ ਮੰਤਰੀ ਵੱਲੋਂ ਜੋ ਹੱਥੀ ਧਨ ਲੁਟਾਇਆ ਗਿਆ ਪਰ ਸਾਰੇ ਬਜਟ ਵਿੱਚ ਸੀਨੀਅਰ ਸਿਟੀਜਨ ਦਾ ਨਾਂ ਲੈਣਾ ਵੀ ਮੁਨਾਸਿਬ ਨਹੀਂ ਸਮਝਿਆ। ਉਨ੍ਹਾਂ ਕਿਹਾ ਕਿ ਭਾਵੇਂ ਉਨ੍ਹਾਂ ਨੂੰ ਕੋਈ ਸਹੂਲਤ ਦਿੰਦੇ ਜਾਂ ਨਾ ਦਿੰਦੇ ਪਰ ਘੱਟੋ—ਘੱਟ ਕਿਸੇ ਨਾ ਕਿਸੇ ਕੈਟੇਗਰੀ ਵਿੱਚ ਤਾਂ ਬਜ਼ੁਰਗਾਂ ਨੂੰ ਰੱਖਿਆ ਜਾਣਾ ਚਾਹੀਦਾ ਸੀ, ਜਦੋਂ ਚੋਣਾਂ ਵੇਲੇ ਮਾਨਯੋਗ ਪ੍ਰਧਾਨ ਮੰਤਰੀ ਵੱਲੋਂ 70 ਸਾਲ ਤੋਂ ਵੱਧ ਉਮਰ ਦੇ ਸੀਨੀਅਰ ਸਿਟੀਜਨ ਨੂੰ ਆਯੁਸ਼ਮਾਨ ਭਾਰਤ ਦਾ ਲਾਭ ਦੇਣ ਦੀ ਗਰੰਟੀ ਦਿੱਤੀ ਗਈ ਸੀ ਤਾਂ ਫਿਰ ਇਸ ਗਾਰੰਟੀ ਬਾਰੇ ਕੋਈ ਤਾਂ ਵਿਚਾਰ ਸਾਹਮਣੇ ਆਉਣਾ ਚਾਹੀਦਾ ਸੀ।

ਉਨ੍ਹਾਂ ਕਿਹਾ ਕਿ ਜੇ ਗੱਲ ਕਰਾਂ ਚੋਣਾਂ ਦੀ ਤਾਂ ਤਾਂ ਸੀਨੀਅਰ ਸਿਟੀਜਨ ਦੀ ਭਾਰਤ ਵਿੱਚ ਵੋਟਾਂ ਦੀ ਗਿਣਤੀ ਕੋਈ ਘੱਟ ਨਹੀਂ ਹੈ ਕਿਸੇ ਕਾਰਨ ਇਹ ਸ਼ਾਇਦ ਸਾਡੇ ਮਾਨਯੋਗ ਪ੍ਰਧਾਨ ਮੰਤਰੀ ਨੇ ਚੋਣਾਂ ਦੀਆਂ ਵੱਖ—ਵੱਖ ਸਭਾਵਾਂ ਚ ਸੀਨੀਅਰ ਸਿਟੀਜਨ 70 ਦੇ ਬਜ਼ੁਰਗਾਂ ਨੂੰ ਆਯੁਸ਼ਮਾਨ ਭਾਰਤ ਦਾ ਲਾਭ ਦੇਣ ਦੀ ਗਰੰਟੀ ਦਿੰਦੇ ਹੋਏ ਇਹ ਗੱਲ ਕਹੀ ਸੀ ਕਿ ਅਸੀਂ 70 ਸਾਲ ਤੋਂ ਉੱਪਰ ਦੇ ਸਾਰੇ ਸੀਨੀਅਰ ਸਿਟੀਜਨ ਨੂੰ ਆਯੁਸ਼ਮਾਨ ਭਾਰਤ ਵਿੱਚ ਲਿਆਵਾਂਗੇ ਅਤੇ ਬਿਨਾਂ ਕਿਸੇ ਭੇਦ—ਭਾਵ ਦੇ ਉਨ੍ਹਾਂ ਨੂੰ ਪੰਜ ਲੱਖ ਰੁਪਏ ਦੇ ਮੁਫਤ ਇਲਾਜ ਦੀ ਸਹੂਲਤ ਦਿਆਂਗੇ, ਦੂਜੇ ਪਾਸੇ ਜਿਹੜੇ ਬਜਟ ਨਾਲ ਸਬੰਧ ਰੱਖਣ ਵਾਲੇ ਵਿਦਵਾਨ ਤੇ ਤੇ ਵਿਸ਼ਲੇਸ਼ਕ ਬਜਟ ਦਾ ਸਰਵੇਖਣ ਕਰਦੇ ਹੋਏ ਲਿਖਦੇ ਸਨ ਕਿ ਇਸ ਬਜਟ ਵਿੱਚ ਆਯੁਸ਼ਮਾਨ ਭਾਰਤ ਦਾ ਲਾਭ ਸੀਨੀਅਰ ਸਿਟੀਜਨ ਨੂੰ ਦਿੱਤੇ ਜਾਣ ਦੀ ਪੂਰੀ ਉਮੀਦ ਹੈ ਪਰ ਉਹਨਾਂ ਦੇ ਉਮੀਦਾਂ ਵੀ ਉਮੀਦਾਂ ਹੀ ਬਣ ਕੇ ਰਹਿ ਗਈਆਂ ਹਾਲਾਂਕਿ ਭਾਰਤ ਦੇ ਬਜ਼ੁਰਗਾਂ ਨੂੰ ਇਹ ਪੂਰੀ ਉਮੀਦ ਸੀ ਕਿ ਇਸ ਸਾਲ ਦੇ ਬਜਟ ਵਿੱਚ ਸੀਨੀਅਰ ਸਿਟੀਜਨ ਨੂੰ ਜਗ੍ਹਾ ਜ਼ਰੂਰ ਮਿਲੇਗੀ ਪਰ ਕਿੱਥੇ ਸਾਡੇ ਮਾਨਯੋਗ ਵਿੱਤ ਮੰਤਰੀ ਨੂੰ ਇਹ ਸੋਚ ਸੋਚਣ ਦਾ ਮੌਕਾ ਹੀ ਨਹੀਂ ਮਿਲਿਆ ਕਿ ਸਾਡੇ ਬਜ਼ੁਰਗ ਵੀ ਇਸ ਦੇਸ਼ ਦੇ ਨਾਗਰਿਕ ਹਨ ਅਤੇ ਵੋਟਰ ਵੀ। ਉਨ੍ਹਾਂ ਕਿਹਾ ਕਿ ਜੇ ਲੋਕਾਂ ਦੀ ਗੱਲ ਮੰਨੀਏ ਤਾਂ ਇਹ ਬਜਟ ਰਾਜਨੀਤਿਕ ਰੰਗਤ ਵਿੱਚ ਰੰਗਿਆ ਹੋਇਆ ਜਾਪਦਾ ਹੈ, ਇਥੋਂ ਤੱਕ ਕਿ ਇਸ ਬਜਟ ਵਿੱਚ ਮਾਨਯੋਗ ਪ੍ਰਧਾਨ ਮੰਤਰੀ ਵੱਲੋਂ ਦਿੱਤੀਆਂ ਗਰੰਟੀਆਂ ਵੀ ਕੰਮ ਨਹੀਂ ਕਰ ਸਕੀਆਂ ਮੈਨੂੰ ਯਾਦ ਹੈ ਕਿ ਜਦੋਂ ਸਰਕਾਰ ਦਾ ਗਠਨ ਹੋ ਰਿਹਾ ਸੀ ਭਾਜਪਾ ਦੇ ਪ੍ਰਧਾਨ ਸ੍ਰੀ ਨਡਾ ਵੱਲੋਂ ਇਹ ਐਲਾਨ ਕੀਤਾ ਗਿਆ ਸੀ ਕਿ ਸੀਨੀਅਰ ਸਿਟੀਜਨ 70 ਸਾਲ ਤੋਂ ਉੱਪਰ ਦੇ ਸਾਰੇ ਬਜ਼ੁਰਗਾਂ ਨੂੰ ਆਯੁਸ਼ਮਾਨ ਭਾਰਤ ਦਾ ਲਾਭ ਦਿੱਤਾ ਜਾਏਗਾ ਇਹ ਭਾਜਪਾ ਸਰਕਾਰ ਦੀ ਗਰੰਟੀ ਹੈ ਪਰ ਉਹ ਗਰੰਟੀ ਪਤਾ ਨਹੀਂ ਕਿਉਂ ਦੇਸ਼ ਦੇ ਬਜਟ ਸੈਸ਼ਨ ਵਿੱਚ ਕਿਤੇ ਨਜ਼ਰ ਨਹੀਂ ਆਈ। ਉਨ੍ਹਾਂ ਕਿਹਾ ਕਿ ਸਿਰਫ ਇਹ ਹੀ ਨਹੀਂ ਕਿ ਪਿਛਲੇ ਸਾਲਾਂ ਦੇ ਬਜਟ ਵਿੱਚ ਵੀ ਮਾਨਯੋਗ ਵਿੱਤ ਮੰਤਰੀ ਜੀ ਸੀਨੀਅਰ ਸਿਟੀਜਨ ਨੂੰ ਭੁੱਲੇ ਹੀ ਰਹੇ ਇੱਥੋਂ ਤੱਕ ਕਿ ਪਿਛਲੀਆਂ ਸਰਕਾਰਾਂ ਵੱਲੋਂ ਸੀਨੀਅਰ ਸਿਟੀਜਨ ਨੂੰ ਦਿੱਤੀਆਂ ਸਹੂਲਤਾਂ ਵੀ ਇੱਕ ?ਇੱਕ ਕਰਕੇ ਵਾਪਸ ਲੈ ਲਈਆਂ ਤੇ ਅੱਗੇ ਤੋਂ ਦੇਣ ਦੀਆਂ ਗੱਲਾਂ ਕਰਦੇ ਰਹੇ ਜਿਵੇਂ ਕਿ ਰੇਲਵੇ ਕਨਸੈਸ਼ਨ , ਬਜ਼ੁਰਗਾਂ ਦੇ ਜੋ ਗੁਜ਼ਾਰੇ ਲਈ ਬੈਂਕਾਂ ਵਿੱਚ ਜਮਾ ਰਾਸ਼ੀ ਦੇ ਵਿਆਜ ਦਰਾਂ ।ਇਸ ਤਰ੍ਹਾਂ ਦੇ ਸੀਨੀਅਰ ਸਿਟੀਜਨ ਲਈ ਹੋਰ ਛੋਟੇ ਛੋਟੇ ਲਾਭ ਵੀ ਵਾਪਸ ਲੈ ਲਿਆ ਗਿਆ, ਪਤਾ ਨਹੀਂ ਕੀ ਕਾਰਨ ਹੈ ਕਿ ਸੀਨੀਅਰ ਸਿਟੀਜਨ ਨੂੰ ਲਾਭ ਦੇਣ ਦੀ ਬਜਾਏ ਉਹਨਾਂ ਤੇ ਲਾਭ ਵਾਪਸ ਕਿਉਂ ਲੈ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ ਕਿ ਹਾਲਾਂਕਿ ਜੇ ਗੱਲ ਕਰੀਏ ਤਾਂ ਰੇਲ ਵਿੱਚ ਸਫਰ ਕਰਨ ਦੀ ਤਾਂ ਅੱਜ ਦੇ ਜਮਾਨੇ ਵਿੱਚ ਗਰੀਬੀ ਰੇਖਾ ਤੋਂ ਥੱਲੇ ਵਾਲੇ ਵਿਅਕਤੀ ਜਿਆਦਾ ਸਫਰ ਕਰਦੇ ਹਨ ਅਤੇ ਰੇਲ ਦਾ ਕਨਸੈਸ਼ਨ ਤੋ ਇਲਾਵਾ ਜੇ ਹੋ ਸਕੇ ਤਾਂ ਉਹਨਾਂ ਨੂੰ ਬੱਸਾਂ ਵਿੱਚ ਵੀ ਕਨਸੈਸ਼ਨ ਦੇਣਾ ਬਣਦਾ ਸੀ ਪਰ ਇਹ ਸਰਕਾਰ ਵੱਲੋਂ ਰੇਲਾਂ ਦਾ ਕਨਸੈਸ਼ਨ ਵੀ ਵਾਪਸ ਲੈ ਲਿਆ ਗਿਆ। ਪਤਾ ਨਹੀਂ ਕਾਰਨ ਕੀ ਹੈ। ਇੱਕ ਪਾਸੇ ਤਾਂ ਸਰਕਾਰ ਵੱਡੇ ਵੱਡੇ ਪੈਕਜ ਦੇ ਰਹੀ ਹੈ ਤੇ ਦੂਜੇ ਪਾਸੇ ਛੋਟੀ ਛੋਟੀ ਗੱਲ ਵਿਚ ਵੀ ਸੰਕੋਚ ਕਰ ਰਹੀ ਹੈ ਉਹ ਵੀ ਸੀਨੀਅਰ ਸਿਟੀਜਨ ਦੇ ਨਾਲ। ਬਤੌਰ ਸੀਨੀਅਰ ਸਿਟੀਜਨ ਕੌਂਸਲ ਰਜਿਸਟਰ ਫਿਰੋਜਪੁਰ ਪੰਜਾਬ ਦੇ ਪ੍ਰਧਾਨ ਹੋਣ ਦੇ ਨਾਤੇ ਮੈਂ ਇਹ ਗੱਲ ਕਹਿਣਾ ਚਾਹਾਂਗਾ ਕਿ ਬਜ਼ੁਰਗਾਂ ਦਾ ਮਾਨ ਸਨਮਾਨ ਸਿਰਫ ਕਾਗ਼ਜ਼ਾਂ ਵਿੱਚ ਹੀ ਨਹੀਂ ਬਲਕਿ ਜਮੀਨੀ ਪੱਧਰ ਤੇ ਵੀ ਹੋਣਾ ਚਾਹੀਦਾ ਤਾਂ ਹੀ ਉਹ ਸਰਕਾਰਾਂ ਕਾਮਯਾਬ ਕਹਾਉਂਦੀਆਂ ਨੇ। ਆਮ ਤੌਰ ਤੇ ਮੰਤਰੀ ਅਧਿਕਾਰੀ ਇਹ ਕਹਿੰਦੇ ਸੁਣੇ ਗਏ ਹਨ ਕਿ ਬਜ਼ੁਰਗ ਸਾਡੇ ਦੇਸ਼ ਦਾ ਅਨਮੋਲ ਸਰਮਾਇਆ ਹਨ ਪਰ ਉਹ ਕਿੱਥੇ। ਸਿਰਫ ਕਹਿਣ ਦੀਆਂ ਗੱਲਾਂ ਹਨ ਜਮੀਨੀ ਪੱਧਰ ਤੇ ਨਹੀਂ। ਸਰਕਾਰਾਂ ਨੂੰ ਬਜ਼ੁਰਗਾਂ ਦਾ ਮਾਨ ਸਨਮਾਨ ਉਹਨਾਂ ਦੀ ਲੋੜਾਂ ਉਹਨਾਂ ਦੀਆਂ ਮੁਸ਼ਿਕਲਾਂ ਵੱਲ ਉਚੇਚਾ ਧਿਆਨ ਦੇਣਾ ਹੋਵੇਗਾ ਇਹੋ ਹੀ ਸਮਾਜ ਕਹਿੰਦਾ ਹੈ ਤੇ ਇਹੋ ਹੀ ਬਾਹਰਲੇ ਦੇਸ਼ ਜਿਹਨਾਂ ਵਿੱਚ ਮੰਤਰੀ ਅਕਸਰ ਗੇੜੇ ਲਾਉਂਦੇ ਰਹਿੰਦੇ ਹਨ ਪਰ ਉਹਨਾਂ ਦੇਸ਼ਾਂ ਦੇ ਮੁਤਾਬਿਕ ਆਪਣੇ ਦੇਸ਼ ਵਿੱਚ ਤਬਦੀਲੀ ਕਰਨ ਤੋਂ ਕਤਰਾਉਂਦੇ ਹਨ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਮੁੱਖ ਮੰਤਰੀ ਤੇ ਹੋਰ ਦੂਜੇ ਮੰਤਰੀ ਦੇਸ਼ਾਂ ਦੇ ਦੌਰੇ ਇਸ ਲਈ ਕਰਦੇ ਹਨ ਕਿ ਵਿਦੇਸ਼ਾਂ ਵਿੱਚ ਹੋ ਰਹੀ ਤਰੱਕੀ ਨੂੰ ਅਸੀਂ ਆਪਣੇ ਦੇਸ਼ ਵਿੱਚ ਲਿਆਈਏ ਪਰ ਕਈ ਵਾਰ ਦੇਖਣ ਚ ਇਹ ਆਇਆ ਕਿ ਵਿਦੇਸ਼ਾਂ ਵਿੱਚ ਜੋ ਹੋ ਰਿਹਾ ਉਹ ਸਾਡੇ ਦੇਸ਼ ਵਿੱਚ ਲਾਗੂ ਕਿਉਂ ਗੁਰੇਜ ਕਰਦੇ ਹਨ। ਵਿਦੇਸ਼ਾਂ ਵਿੱਚ ਬਜ਼ੁਰਗਾਂ ਲਈ ਹਰ ਤਰ੍ਹਾਂ ਦੀ ਸਹੂਲਤ ਕੀਤੀ ਜਾਂਦੀ ਹੈ ਬਜ਼ੁਰਗਾਂ ਨੂੰ ਹਸਪਤਾਲਾਂ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਬਿਲਕੁਲ ਮੁਫਤ ਇਲਾਜ ਮਿਲਦਾ ਹੈ ਇਥੋਂ ਤੱਕ ਕਿ ਅਗਰ ਕਿਸੇ ਬਜ਼ੁਰਗ ਨੇ ਸੜਕ ਪਾਰ ਕਰਨੀ ਹੁੰਦੀ ਹੈ ਤਾਂ ਉਥੇ ਹੀ ਟਰੈਫਿਕ ਦਾ ਜਾਮ ਲੱਗ ਜਾਂਦਾ ਹੈ ਲੇਕਿਨ ਬਜ਼ੁਰਗ ਨੂੰ ਸੜਕ ਪਾਰ ਕਰਨ ਤੱਕ ਕੋਈ ਟਰੈਫਿਕ ਰੋਸ ਨਹੀਂ ਕਰਦਾ ਲੇਕਿਨ ਸਾਡਾ ਦੇਸ਼ ਭਾਵੇਂ ਅਸੀਂ ਕਿੰਨੀਆਂ ਹੀ ਵਿਦੇਸ਼ਾਂ ਦੀਆਂ ਗੱਲਾਂ ਕਰੀਏ ਪਰ ਗੱਲਾਂ ਉਥੇ ਦੀਆਂ ਉਥੇ। ਮੈਂ ਸਮਝਦਾ ਸੀ ਕਿ ਮਾਨਯੋਗ ਪ੍ਰਧਾਨ ਮੰਤਰੀ ਜੀ ਨੇ ਇਹ ਬੜਾ ਅੱਛਾ ਗੱਲ ਕਹੀ ਹੈ ਕਿ 70 ਸਾਲ ਤੋਂ ਵੱਡੇ ਸਾਰੇ ਬਜ਼ੁਰਗਾਂ ਨੂੰ ਹਸਪਤਾਲਾਂ ਵਿੱਚ ੫ ਲੱਖ ਤੱਕ ਮੁਫਤ ਇਲਾਜ ਦਿੱਤਾ ਜਾਏਗਾ ਪਰ ਉਹ ਤਾਂ ਸਿਰਫ ਕਾਲਜਾਂ ਵਿੱਚ ਹੀ ਰਹਿ ਗਿਆ ਜਮੀਨੀ ਪੱਧਰ ਤੇ ਆਏ ਨੀ ਸੋ ਮੈਂ ਮਾਨਯੋਗ ਪ੍ਰਧਾਨ ਮੰਤਰੀ ਜੀ ਅਤੇ ਮਾਨਯੋਗ ਵਿੱਤ ਮੰਤਰੀ ਜੀ ਨੂੰ ਬੇਨਤੀ ਕਰਦਾ ਹਾਂ ਕਿ ਇਸ ਵੱਲ ਗੌਰ ਕਰਕੇ ਆਪਣੀ ਗਰੰਟੀ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇ ਔਰ ਬਜ਼ੁਰਗਾਂ ਨੂੰ ਮੁਫਤ ਇਲਾਜ ਆਯੁਸ਼ਮਾਨ ਭਾਰਤ ਦਾ ਲਾਭ ਦਿੱਤਾ ਜਾਵੇ ਅਤੇ ਉਹਨਾਂ ਦੀ ਕਾਰਡ ਉਹਨਾਂ ਦੇ ਘਰਾਂ ਵਿੱਚ ਬੈਠਿਆਂ ਹੀ ਬਰਾਮ ਦੇ ਉਪਰਾਲੇ ਕੀਤੇ ਜਾਣ ਜਾਂ ਕਾਰਡ ਬਣਾਉਣ ਦਾ ਇਤਨਾ ਆਸਾਨ ਤਰੀਕਾ ਹੋਵੇ ਕਿ ਹਰ ਵਿਅਕਤੀ ਉਹ ਆਪਣਾ ਕਾਰਡ ਬਣਵਾ ਕੇ ਤੇ ਸਹੂਲਤ ਲੈ ਸਕੇ ।

## ਟੀ.ਬੀ ਦੇ ਮਰੀਜਾਂ ਨੂੰ ਵੰਡੀਆਂ ਪੌਸ਼ਟਿਕ ਸਮਗਰੀ ਦੀਆਂ ਕਿੱਟਾਂ



ਫ਼ਿਰੋਜ਼ਪੁਰ, 26 ਜੁਲਾਈ (ਮਨੋਹਰ ਲਾਲ) :— ਸਿਵਲ ਸਰਜਨ ਡਾ: ਰਾਜਵਿੰਦਰ ਕੌਰ ਦੀ ਅਗਵਾਈ ਹੇਠ ਮਿਸ਼ਨ ਨਿਕਸ਼ੇ ਮਿੱਤਰਾ ਅਧੀਨ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਜ਼ਿਲ੍ਹਾ ਟੀ.ਬੀ ਅਫਸਰ ਡਾ: ਸਤਿੰਦਰ ਓਬਰਾਏ ਦੀ ਰਹਿਨੁਮਾਈ ਹੇਠ ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਟੀ.ਬੀ ਦੇ 12 ਜ਼ਰੂਰਤਮੰਦ ਮਰੀਜਾਂ ਨੂੰ ਲਗਭਗ 10ਵੀਂ ਵਾਰ ਪੌਸ਼ਟਿਕ ਸਮਗਰੀ ਦੀਆਂ ਕਿੱਟਾਂ ਵੰਡੀਆਂ ਗਈਆਂ। ਇਹ ਕਿੱਟਾਂ ਵੰਡਣ ਸਮੇਂ ਸੰਸਥਾ ਦੇ ਪ੍ਰਧਾਨ ਸੁਭਾਸ਼ ਚੌਧਰੀ ਅਤੇ ਜਨਰਲ ਸਕੱਤਰ ਸ਼ਿਵੰਦਰ ਮਸ਼ਰਾਲ ਦੀ ਨਿਗਰਾਨੀ ਹੇਠ ਲੋੜਵੰਦ ਮਰੀਜਾਂ ਨੂੰ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਸੰਸਥਾ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਸ਼ਿਵੰਦਰ ਮਸ਼ਰਾਲ ਨੇ ਕਿਹਾ ਕਿ ਜਿਥੇ ਸਿਵਲ ਹਸਪਤਾਲ ਫ਼ਿਰੋਜ਼ਪੁਰ ਦੇ ਡਾਕਟਰ ਸਤਿੰਦਰ ਓਬਰਾਏ ਅਤੇ ਉਨ੍ਹਾਂ ਦੇ ਸਟਾਫ ਵੱਲੋਂ ਟੀ.ਬੀ ਦੇ ਮਰੀਜਾਂ ਨੂੰ ਵਧੀਆ ਸਿਹਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ, ਉਥੇ ਸਮੇਂ—ਸਮੇਂ ਸਿਰ ਉਨ੍ਹਾਂ ਨੂੰ ਇਸ ਬਿਮਾਰੀ ਤੋਂ ਬਚਣ ਲਈ ਜਾਗਰੂਕ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮਰੀਜਾਂ ਦਾ ਸਮੇਂ—ਸਮੇਂ ਤੇ ਚੈਕਅਪ ਵੀ ਕੀਤਾ ਜਾਂਦਾ ਹੈ। ਇਸ ਮੌਕੇ ਡਾ: ਸਤਿੰਦਰ ਓਬਰਾਏ ਨੇ ਇਕੱਤਰ ਹੋਏ ਮਰੀਜਾਂ ਨੂੰ ਜ਼ਰੂਰੀ ਸਾਵਧਾਨੀਆਂ ਬਾਰੇ ਜਾਗਰੂਕ ਕੀਤਾ ਅਤੇ ਦੱਸਿਆ ਕਿ ਟੀ.ਬੀ ਦੀ ਬਿਮਾਰੀ ਤੋਂ ਬਚਨ ਲਈ ਜਿਥੇ ਦਵਾਈਆਂ ਦੀ ਲੋੜ ਹੁੰਦੀ ਹੈ, ਉਸ ਦੇ ਨਾਲ—ਨਾਲ ਪੌਸ਼ਟਿਕ ਖੁਰਾਕ ਵੀ ਜ਼ਰੂਰੀ ਹੈ ਜੋ ਕਿ ਹਰ ਮਹੀਨੇ ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਟੀ.ਬੀ 12 ਲੋੜਵੰਦ ਮਰੀਜਾਂਨੂੰ ਮੁਹਇਆ ਕਰਵਾਈਆਂ ਜਾਂਦੀਆਂ ਹਨ। ਇਸ ਮੌਕੇ ਸੰਸਥਾ ਦੇ ਮੈਂਬਰਾਂ ਸ੍ਰੀ ਕਲਭੂਸ਼ਨ ਗੌਤਮ, ਜਨਕ ਰਾਜ ਮੌਂਗਾ, ਰਮਨ ਸ਼ਰਮਾ, ਧੀਰਜ ਗੁਲਾਟੀ, ਸ੍ਰੀਮਤੀ ਜਨਕ ਚੌਧਰੀ, ਸ੍ਰੀਮਤੀ ਅਰੁਨ ਭੋਲਾ, ਸ੍ਰੀਮਤੀ ਸ਼ਕਤੀ ਚੋਪੜਾ, ਸ੍ਰੀਮਤੀ ਉਰਮਿਲਾ ਚਾਵਲਾ, ਸ੍ਰੀਮਤੀ ਵੀਨਾ ਮੌਂਗਾ ਅਤੇ ਸ੍ਰੀਮਤੀ ਰੇਨੂੰ ਸ਼ਰਮਾ ਹਾਜ਼ਰ ਸਨ। ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟੀ.ਬੀ ਵਿਭਾਗ ਸਿਵਲ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਸ੍ਰੀ ਰਾਜ ਕੁਮਾਰ ਫਾਰਮੈਸੀ ਅਫਸਰ, ਰਾਜਦੀਪ ਸਿੰਘ ਟੀ.ਬੀ.ਐਚ.ਵੀ, ਕਮਲਜੀਤ ਸਿੰਘ, ਹਰਮਿੰਦਰ ਸਿੰਘ, ਮਲਕੀਤ ਸਿੰਘ, ਅਮਰਿੰਦਰ ਸਿੰਘ, ਰਿੰਕੂ ਕੰਬੋਜ਼, ਸਟਾਫ ਬੰਦਨਾ ਅਤੇ ਰਾਧਾ ਰਾਣੀ ਨੇ ਵਿਸ਼ੇਸ਼ ਸਹਿਯੋਗ ਦਿੱਤਾ ਅਤੇ ਸਾਰੇ ਮਰੀਜਾਂ ਦੇ ਜਲਦੀ ਸਿਹਤਮੰਦ ਹੋਣ ਦੀ ਕਾਮਨਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਚ ਲਾਏ ਬੂਟੇ







ਫ਼ਿਰੋਜ਼ਪੁਰ, 26 ਜੁਲਾਈ (ਮਨੋਹਰ ਲਾਲ) :— ਰੁੱਖ ਲਗਾਉ ਧਰਤ ਬਚਾਉ ਤਹਿਤ ਅੱਜ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਚ ਗੁਰਦੁਆਰਾ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਦੇ ਮੁੱਖ ਸੇਵਾਦਾਰ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਭਗਤ ਮਿਲਖਾ ਸਿੰਘ ਵੱਲੋਂ ਬੂਟੇ ਲਗਾ ਕੇ ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਤੇ ਬਾਬਾ ਜੀ ਨੇ ਕਿਹਾ ਕਿ ਰੁੱਖਾਂ ਦਾ ਸਾਡੇ ਜੀਵਨ ਵਿਚ ਬਹੁਤ ਅਹਿਮ ਸਥਾਨ ਹੈ, ਸਾਡੀ ਰੋਜਮਰ੍ਹਾ ਦੀ ਜਿੰਦਗੀ ਦੇ ਬਹੁਤ ਸਾਰੇ ਪੱਖ ਰੁੱਖਾਂ ਉੱਤੇ ਨਿਰਭਰ ਕਰਦੇ ਹਨ, ਰੁੱਖ ਮਨੁੱਖਾਂ ਅਤੇ ਜੀਵ ਜੰਤੂਆਂ ਲਈ ਕੁਦਰਤ ਦੀ ਬਹੁਮੁਲੀ ਦਾਤ ਹਨ। ਉਨ੍ਹਾਂ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਸ ਮੌਕੇ ਸਕੂਲ ਦੇ ਮੈਨੇਜਰ ਇੰਦਰਪਾਲ ਸਿੰਘ ਨੇ ਕਿਹਾ ਕਿ ਰੁੱਖ ਮਨੁੱਖੀ ਜੀਵਨ ਦਾ ਅਨਮੋਲ ਧੰਨ ਹਨ, ਜੋ ਮਨੁੱਖ ਨੂੰ ਸਾਰੀ ਉਮਰ ਮੁਫਤ ਵਿਚ ਸਾਫ—ਸੁਥਰੀ ਹਵਾ, ਮਿੱਟੀ, ਪਾਣੀ ਨੂੰ ਸ਼ੁੱਧ ਕਰਨ ਵਿਚ ਅਹਿਮ ਭੂਮਿਕਾ ਅਦਾ ਕਰਦੇ ਹਨ। ਉਨ੍ਹਾਂ ਕਿਹਾ ਕਿ ਰੁੱਖਾਂ ਬਗੈਰ ਸਾਡਾ ਜੀਵਨ ਸੰਭਵ ਨਹੀਂ ਹੈ, ਜੇਕਰ ਧਰਤੀ ਉੱਤੇ ਵੱਧ ਰਹੇ ਤਾਪਮਾਨ ਨੂੰ ਸਹੀ ਲੈਵਲ ਉੱਤੇ ਲੈ ਕੇ ਆਉਣਾ ਹੈ ਤਾਂ ਸਾਨੂੰ ਸਾਰਿਆਂ ਨੂੰ ਰੁੱਖੇ ਲਗਾਉਣੇ ਚਾਹੀਦੇ ਹਨ ਅਤੇ ਲਗਾਏ ਗਏ ਰੁੱਖਾਂ ਦੀ ਸਾਂਭ—ਸੰਭਾਲ ਕਰਨੀ ਚਾਹੀਦੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਨ੍ਹਾਂ ਰੁੱਖਾਂ ਦਾ ਲਾਭ ਮਿਲ ਸਕੇ। ਉਨ੍ਹਾਂ ਵਿਦਿਆਰਥੀਆਂ ਨੂੰ ਵੀ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਰਣਜੀਤ ਸਿੰਘ, ਪ੍ਰਿੰਸੀਪਲ ਖੁਸ਼ਵੰਤ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

### ਕਾਰਗਿਲ ਵਿਜੇ ਦਿਵਸ ’ਤੇ

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਇਆ ਸਮਾਗਮ

ਫ਼ਿਰੋਜ਼ਪੁਰ, 26 ਜੁਲਾਈ (ਮਨੋਹਰ ਲਾਲ) :— ਮੋਗਾ ਰੋਡ ’ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਬੱਚਿਆਂ ਦੇ ਗਿਆਨ ਵਿਚ ਵਾਧਾ ਕਰਨ ਦੇ ਮਨੋਰਥ ਨਾਲ ਅਤੇ ਬੱਚਿਆਂ ਨੂੰ ਦੇਸ਼ ਦੇ ਸ਼ਹੀਦਾਂ ਤੋਂ ਜਾਣੂ ਕਰਵਾਉਣ ਲਈ ਸਕੂਲ ਵਿੱਚ 26 ਜੁਲਾਈ 2024 ਨੂੰ ਕਾਰਗਿਲ ਵਿਜੇ ਦਿਵਸ ਮਨਾਇਆ ਗਿਆ। ਇਸ ਦੌਰਾਨ ਇਕ ਵਿਸ਼ੇਸ਼ ਸਭਾ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ‘ਕਾਰਗਿਲ ਵਿਜੇ ਦਿਵਸ’ ਦਾ ਇਤਿਹਾਸ ਦੱਸਦੇ ਹੋਏ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਅਤੇ ਦੇਸ਼ ਦੇ ਬਹਾਦਰ ਸੈਨਿਕਾਂ ਨੂੰ ਸਮਰਪਿਤ ਸਲੋਗਨ ਲਿਖਤ ਪੇਸ਼ ਕੀਤੀ ਗਈ ਤੇ ਕਾਰਗਿਲ ਦੇ ਯੋਧਿਆਂ ਨੂੰ ਸ਼ਰਧਾਂਜਲੀ ਦਿੰਦਿਆਂ ਵਿਦਿਆਰਥੀਆਂ ਨੇ ਉਨ੍ਹਾਂ ਦੀ ਯਾਦ ਵਿੱਚ ਦੇਸ਼ ਭਗਤੀ ਦੇ ਗੀਤ ਗਾਏ, ਜਿਸ ਨਾਲ ਸਕੂਲ ਦੇ ਵਿਹੜੇ ਵਿਚ ਗੂੰਜ ਉੱਠੀ। ਇਸਮੌਕੇ ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਵਿਦਿਆਰਥੀਆਂ ਨੂੰ ‘ਕਾਰਗਿਲ ਵਿਜੇ ਦਿਵਸ’ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਦੇਸ਼ ਦੇ ਬਹਾਦਰ ਸੈਨਿਕਾਂ ’ਤੇ ਮਾਣ ਹੋਣਾ ਚਾਹੀਦਾ ਹੈ, ਜੇਕਰ ਅਸੀਂ ਆਪਣੇ ਘਰਾਂ ਵਿਚ ਸ਼ਾਂਤੀ ਨਾਲ ਸੌਂਦੇ ਹਾਂ ਤਾਂ ਇਹ ਸਰਹੱਦਾਂ ਤੇ ਤਾਇਨਾਤ ਸੈਨਿਕਾਂ ਦੀ ਬਦੌਲਤ ਹੀ ਹੈ। ਇਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਕੁਝ ਸਮਾਂ ਮੌਨ ਧਾਰਨ ਕੀਤਾ ਗਿਆ।




ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸ਼੍ਰੀ ਅਕਾਲ ਸਹਾਇ।।
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ
ਬਾਲਾ ਪ੍ਰੀਤਮ ਸ਼੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ
ਗੁਰਮਤਿ ਸਮਾਗਮ
ਸਥਾਨ– ਗੁਰਦੁਆਰਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਪਾ: 10 ਵੀਂ, ਸੂਰਤਗੜ੍ਹੀਆ ਬਾਜ਼ਾਰ, ਸਿਰਸਾ
ਮਿਤੀ– 29 ਜੁਲਾਈ 2024, ਸੋਮਵਾਰ, ਸਮਾਂ – ਸ਼ਾਮ 4 ਤੋਂ 9 ਵਜੇ ਤੱਕ
ਭਾਈ ਦਵਿੰਦਰ ਸਿੰਘ ਪ੍ਰਚਾਰਕ,
ਭਾਈ ਕੁਲਵਿੰਦਰ ਸਿੰਘ ਰਾਗੀ ਜੱਥਾ ਗੁ: ਪਾ: ੧੦ਵੀਂ
ਭਾਈ ਰਣਬੀਰ ਸਿੰਘ ਹੈੱਡ ਗ੍ਰੰਥੀ ਗੁ: ਪਾ: ੧੦ਵੀਂ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁ. ਪ੍ਰ. ਕਮੇਟੀ
ਸ. ਜਗਸੀਰ ਸਿੰਘ ਮਾਂਗੇਆਣਾ ਅੰਤ੍ਰਿੰਗ ਮੈਂਬਰ
ਸ. ਪ੍ਰਕਾਸ਼ ਸਿੰਘ ਸਾਹੂਵਾਲਾ ਮੈਂਬਰ
ਸ. ਮਾਲਕ ਸਿੰਘ ਭਾਵਦੀਨ ਮੈਂਬਰ
ਸ. ਪਰਮਜੀਤ ਸਿੰਘ ਮਾਖਾ ਮੈਂਬਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁ. ਪ੍ਰ. ਕਮੇਟੀ
ਬੇਨਤੀ ਕਰਤਾ– ਸਕੱਤਰ ਧਰਮ ਪ੍ਰਚਾਰ, ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਪਾ: 10ਵੀਂ ਸਿਰਸਾ ਅਤੇ ਸਮੂੰਹ ਸੰਗਤ।


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਵਿਸ਼ੇਸ਼ ਉਪਰਾਲਾ
ਮਾਤਾ ਗੁਜਰ ਕੌਰ ਜੀ ਵਿੱਦਿਅਕ ਭਲਾਈ ਸਕੀਮ ਤਹਿਤ
ਅੰਮ੍ਰਿਤਧਾਰੀ ਮਾਂ ਬਾਪ ਦੇ ਅੰਮ੍ਰਿਤਧਾਰੀ ਬੱਚਿਆਂ ਨੂੰ ਆਪਣੇ ਵਿੱਦਿਅਕ ਅਦਾਰਿਆਂ ਵਿੱਚ
ਪੜ੍ਹਾਈ ਮੁਫਤ ਅਤੇ ਆਪਣੇ ਕਾਲਜਾਂ ਵਿੱਚ ਦਿੱਤੇ ਜਾਣਗੇ ਵਿਸ਼ੇਸ਼ ਵਜੀਫ਼ੇ
ਵਿੱਦਿਆ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ ।
ਆਪਣੇ ਬੱਚਿਆਂ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰਿਆਂ ਵਿੱਚ ਦਾਖਲ ਕਰਵਾਓ ਜੀ।
ਗੁਰੂ ਤੇਗ ਬਹਾਦਰ ਖਾਲਸਾ ਪਬਲਿਕ ਸਕੂਲ, ਕੈਂਥਲ
ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ, ਕਪਾਲਮੋਚਨ, ਯਮੁਨਾਨਗਰ
ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ, ਤਿਲੋਕੇਵਾਲਾ, ਸਿਰਸਾ
ਮਾਤਾ ਸੁੰਦਰੀ ਖਾਲਸਾ ਗਰਲਜ ਕਾਲਜ, ਨਿਸਿੰਗ, ਕਰਨਾਲ
ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਖਾਲਸਾ ਕਾਲਜ, ਪੰਜੋਖਰਾ ਸਾਹਿਬ, ਅੰਬਾਲਾ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ HSGMC